ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 29 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੧੭ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਚੋਣ ਕਮਿਸ਼ਨ ਨੇ 'ਆਪ' ਦੇ ਕੈਂਪੇਨ ਗੀਤ 'ਤੇ ਲਗਾਈ ਪਾਬੰਦੀ ,ਆਤਿਸ਼ੀ ਨੇ ਕੇਂਦਰ 'ਤੇ ਚੁੱਕੇ ਸਵਾਲ

ਨਵੀਂ ਦਿੱਲੀ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਆਮ ਆਦਮੀ ਪਾਰਟੀ ਨੇ ਆਰੋਪ ਲਾਇਆ ਹੈ ਕਿ ਚੋਣ ਕਮਿਸ਼ਨ ਨੇ ਉਨ੍ਹਾਂ ਦੇ ਕੈਂਪੇਨ ਗੀਤ 'ਤੇ ਪਾਬੰਦੀ ਲਗਾ ਦਿੱਤੀ ਹੈ। ਹਾਲ ਹੀ 'ਚ ਪਾਰਟੀ ਨੇ ਆਪਣਾ ਕੈਂਪੇਨ ਗੀਤ ਲਾਂਚ ਕੀਤਾ ਸੀ। ਦਿੱਲੀ ਸਰਕਾਰ ਦੀ ਮੰਤਰੀ ਆਤਿਸ਼ੀ ਨੇ ਕੈਂਪੇਨ ਗੀਤ 'ਤੇ ਪਾਬੰਦੀ ਨੂੰ ਲੈ ਕੇ ਪ੍ਰੈੱਸ ਕਾਨਫਰੰਸ ਕੀਤੀ। ਉਨ੍ਹਾਂ ਕਿਹਾ ਕਿ ਹੁਣ ਭਾਜਪਾ ਦੇ ਇੱਕ ਹੋਰ ਸਿਆਸੀ ਹਥਿਆਰ ਚੋਣ ਕਮਿਸ਼ਨ ਨੇ 'ਆਪ' ਦੇ ਕੈਂਪੇਨ ਗੀਤ 'ਤੇ ਪਾਬੰਦੀ ਲਗਾ ਦਿੱਤੀ ਹੈ। ਇਹ ਪਹਿਲੀ ਵਾਰ ਹੋਵੇਗਾ ਜਦੋਂ ਚੋਣ ਕਮਿਸ਼ਨ ਨੇ ਕਿਸੇ ਪਾਰਟੀ ਦੇ ਕੈਂਪੇਨ ਗੀਤ 'ਤੇ ਪਾਬੰਦੀ ਲਗਾਈ ਹੈ। ਆਤਿਸ਼ੀ ਨੇ ਕਿਹਾ ਕਿ ਤਾਨਾਸ਼ਾਹੀ ਸਰਕਾਰਾਂ 'ਚ ਵਿਰੋਧੀ ਪਾਰਟੀਆਂ ਨੂੰ ਪ੍ਰਚਾਰ ਕਰਨ ਤੋਂ ਰੋਕਿਆ ਜਾਂਦਾ ਹੈ। ਅੱਜ ਅਜਿਹਾ ਹੀ ਹੋਇਆ ਹੈ ਭਾਜਪਾ ਦੇ ਇੱਕ ਹੋਰ ਹਥਿਆਰ ਚੋਣ ਕਮਿਸ਼ਨ ਨੇ ਇਸ ਪੱਤਰ ਰਾਹੀਂ ਆਮ ਆਦਮੀ ਪਾਰਟੀ ਦੇ ਕੈਂਪੇਨ ਗੀਤ 'ਤੇ ਪਾਬੰਦੀ ਲਾ ਦਿੱਤੀ ਹੈ। ਚੋਣ ਕਮਿਸ਼ਨ ਨੂੰ ਭਾਜਪਾ ਵੱਲੋਂ ਚੋਣ ਜ਼ਾਬਤੇ ਦੀ ਉਲੰਘਣਾ ਨਜ਼ਰ ਨਹੀਂ ਆਉਂਦੀ, ਪਰ ਜਦੋਂ ਵੀ ਆਮ ਆਦਮੀ ਪਾਰਟੀ ਦੇ ਆਗੂ ਸਾਹ ਤੱਕ ਲੈਂਦੇ ਹਨ ਤਾਂ ਨੋਟਿਸ ਆ ਜਾਂਦੇ ਹਨ। ਆਤਿਸ਼ੀ ਨੇ ਕਿਹਾ ਕਿ ਆਪ ਦੇ ਕੈਂਪੇਨ ਗੀਤ 'ਚ ਕਿਤੇ ਵੀ ਭਾਜਪਾ ਦਾ ਜ਼ਿਕਰ ਨਹੀਂ ਹੈ। ਅਸੀਂ ਤਾਨਾਸ਼ਾਹੀ ਨਾਲ ਲੜਨ ਦੀ ਗੱਲ ਕੀਤੀ ਹੈ। ਇਸ 'ਤੇ ਚੋਣ ਕਮਿਸ਼ਨ ਦਾ ਕਹਿਣਾ ਹੈ ਕਿ ਇਹ ਸੱਤਾਧਾਰੀ ਪਾਰਟੀ ਦੀ ਆਲੋਚਨਾ ਹੈ। ਉਨ੍ਹਾਂ ਕਿਹਾ ਕਿ ਹੁਣ ਤਾਂ ਚੋਣ ਕਮਿਸ਼ਨ ਵੀ ਮੰਨ ਰਿਹਾ ਕਿ ਭਾਜਪਾ ਤਾਨਾਸ਼ਾਹੀ ਕਰ ਰਹੀ ਹੈ। ਜਦੋਂ ਭਾਜਪਾ ਵਾਲੇ ਸਰਕਾਰੀ ਏਜੰਸੀਆਂ ਦੀ ਦੁਰਵਰਤੋਂ ਕਰਦੇ ਹਨ ਅਤੇ ਤਾਨਾਸ਼ਾਹੀ ਵਰਤਦੇ ਹਨ ਤਾਂ ਚੋਣ ਕਮਿਸ਼ਨ ਨੂੰ ਕੋਈ ਪ੍ਰੇਸ਼ਾਨੀ ਨਹੀਂ ਹੁੰਦੀ ਪਰ ਜੇਕਰ ਅਸੀਂ ਇਸਦੀ ਖ਼ਿਲਾਫ਼ਤ ਅਤੇ ਜ਼ਿਕਰ ਵੀ ਕਰੀਏ ਤਾਂ ਕਮਿਸ਼ਨ ਨੂੰ ਦਿੱਕਤ ਹੁੰਦੀ ਹੈ।



## ਵਿਸ਼ਵ ਕੱਪ ਤੀਰਅੰਦਾਜ਼ੀ ਮੁਕਾਬਲੇ 'ਚ ਮਾਨਸਾ ਦੀ ਧੀ ਪ੍ਰਨੀਤ ਕੌਰ ਨੇ ਜਿੱਤਿਆ ਸੋਨ ਤਮਗਾ

ਮਾਨਸਾ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਮਾਨਸਾ ਜ਼ਿਲ੍ਹੇ ਦੇ ਪਿੰਡ ਮੰਢਾਲੀ ਦੇ ਅਧਿਆਪਕ ਅਵਤਾਰ ਸਿੰਘ ਦੀ ਬੇਟੀ ਪ੍ਰਨੀਤ ਕੌਰ ਨੇ ਤੀਰਅੰਦਾਜ਼ੀ ਖੇਡ ਵਿਚ ਵਿਸ਼ਵ ਚੈਂਪੀਅਨਸ਼ਿਪ ਜਿੱਤ ਕੇ ਪੰਜਾਬ ਦਾ ਨਾਂ ਰੌਸ਼ਨ ਕੀਤਾ ਹੈ। ਵਿਸ਼ਵ ਕੱਪ ਅਤੇ ਏਸ਼ੀਅਨ ਗੇਮਜ਼ ਵਿਚ ਗੋਲਡ ਮੈਡਲਿਸਟ ਰਹਿਣ ਤੋਂ ਬਾਅਦ ਹੁਣ ਇਕ ਵਾਰ ਫਿਰ ਤੋਂ ਚੀਨ ਦੇ ਸ਼ਹਿਰ ਸ਼ੰਘਾਈ ਵਿਖੇ ਚੱਲ ਰਹੇ ਵਿਸ਼ਵ ਕੱਪ ਤੀਰਅੰਦਾਜ਼ੀ ਸਟੇਜ–1 ਦੇ ਮੁਕਾਬਲਿਆਂ ਵਿਚ ਆਪਣੀਆਂ ਖਿਡਾਰੀ ਸਾਥਣਾਂ ਅਦਿਤੀ ਗੋਪੀ ਚੰਦ ਅਤੇ ਜਯੋਤੀ ਸੁਰੇਖਾ ਵੇਨਮ ਸਮੇਤ ਮਹਿਲਾ ਕੰਪਾਊਂਡ ਟੀਮ ਮੁਕਾਬਲੇ ਵਿਚ ਇਟਲੀ ਨੂੰ 11 ਅੰਕਾਂ ਨਾਲ ਹਰਾ ਕੇ ਸੋਨ ਤਮਗ.ਾ ਜਿੱਤਿਆ ਹੈ। ਇਨ੍ਹਾਂ ਦਿਨੀਂ ਖਾਲਸਾ ਕਾਲਜ ਪਟਿਆਲਾ ਦੀ ਵਿਦਿਆਰਥਣ ਪ੍ਰਨੀਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੋਚ ਸੁਰਿੰਦਰ ਸਿੰਘ ਦੀ ਅਗਵਾਈ ਹੇਠ ਭਾਰਤ ਲਈ ਲਗਾਤਾਰ ਅਜਿਹੀਆਂ ਵੱਡੀਆਂ ਪ੍ਰਾਪਤੀਆਂ ਕਰਦੀ ਆ ਰਹੀ ਹੈ।




# 'ਬੰਦੀ ਸਿੰਘ' ਦੇ ਮੁਕਾਬਲੇ ਅਕਾਲੀ ਦਲ ਨੇ ਐਲਾਨਿਆ ਉਮੀਦਵਾਰ

ਖਡੂਰ ਸਾਹਿਬ ਤੋਂ ਵਿਰਸਾ ਸਿੰਘ ਵਲਟੋਹਾ ਨੂੰ ਅੰਮ੍ਰਿਤਪਾਲ ਸਿੰਘ ਦੇ ਖ਼ਿਲਾਫ਼ ਚੋਣ ਮੈਦਾਨ ਵਿੱਚ ਲਾਹੁਣ ਤੋਂ ਬਾਅਦ ਅਕਾਲੀ ਦਲ ਦੀ ਰਣਨੀਤੀ ਉੱਤੇ ਸਵਾਲ ਖੜ੍ਹੇ ਹੋ ਗਏ ਹਨ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਅਕਾਲੀ ਦਲ ਨੇ ਬੰਦੀ ਸਿੰਘਾਂ ਦੇ ਪਰਿਵਾਰ ਵਾਲਿਆਂ ਦੇ ਮੁਕਾਬਲੇ ਉਮੀਦਵਾਰ ਖੜ੍ਹੇ ਕੀਤੇ ਹੋਣ....

ਚੰਡੀਗੜ੍ਹ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਸ਼੍ਰੋਮਣੀ ਅਕਾਲੀ ਦਲ ਵੱਲੋਂ ਦਾਅਵਾ ਕੀਤਾ ਗਿਆ ਹੈ ਕਿ ਉਨ੍ਹਾਂ ਨੇ ਪੰਜਾਬ, ਪੰਥ ਤੇ ਬੰਦੀ ਸਿੰਘਾਂ ਦੇ ਮੁੱਦੇ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਨਾਲ ਸਮਝੌਤਾ ਕਰਨਾ ਤੋਂ ਇਨਕਾਰ ਕਰ ਦਿੱਤਾ ਹੈ ਪਰ ਇਸ ਮੌਕੇ ਖਡੂਰ ਸਾਹਿਬ ਤੋਂ ਵਿਰਸਾ ਸਿੰਘ ਵਲਟੋਹਾ ਨੂੰ ਅੰਮ੍ਰਿਤਪਾਲ ਸਿੰਘ ਦੇ ਖ਼ਿਲਾਫ਼ ਚੋਣ ਮੈਦਾਨ ਵਿੱਚ ਲਾਹੁਣ ਤੋਂ ਬਾਅਦ ਅਕਾਲੀ ਦਲ ਦੀ ਰਣਨੀਤੀ ਉੱਤੇ ਸਵਾਲ ਖੜ੍ਹੇ ਹੋ ਗਏ ਹਨ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਅਕਾਲੀ ਦਲ ਨੇ ਬੰਦੀ ਸਿੰਘਾਂ ਦੇ ਪਰਿਵਾਰ ਵਾਲਿਆਂ ਦੇ ਮੁਕਾਬਲੇ ਉਮੀਦਵਾਰ ਖੜ੍ਹੇ ਕੀਤੇ ਹੋਣ। ਖਡੂਰ ਸਾਹਿਬ ਪੰਜਾਬ ਦੀ ਪੰਥਕ ਸੀਟ ਹੈ ਤੇ ਇਸ ਵਜ੍ਹਾ ਕਰਕੇ ਅਸਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਐਨਐਸਏ ਤਹਿਤ ਬੰਦ ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੇ ਚੋਣ ਲੜਣ ਦਾ ਫ਼ੈਸਲਾ ਕੀਤਾ ਹੈ। ਇਹ ਐਲਾਨ ਅਮ੍ਰਿਤਪਾਲ ਸਿੰਘ ਦੀ ਮਾਤਾ ਬਲਵਿੰਦਰ ਕੌਰ ਵੱਲੋਂ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਅੰਮ੍ਰਿਤਪਾਲ ਨੂੰ ਪਿਛਲੇ ਸਾਲ ਅਪ੍ਰੈਲ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਉਨ੍ਹਾਂ ਖ਼ਿਲਾਫ਼ ਕੌਮੀ ਸੁਰੱਖਿਆ ਐਕਟ (ਐੱਨਐੱਸਏ) ਲਗਾਇਆ ਗਿਆ ਸੀ। ਅੰਮ੍ਰਿਤਪਾਲ ਦੀ ਰਿਹਾਈ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਲਗਾਤਾਰ ਸਰਕਾਰਾਂ ਨੂੰ ਘੇਰਿਆ ਜਾਂਦਾ ਹੈ। ਪਰ ਹੁਣ ਅਕਾਲੀ ਦਲ ਨੇ ਖਡੂਰ ਸਾਹਿਬ ਤੋਂ ਵਿਰਸਾ ਸਿੰਘ ਨੂੰ ਉਮੀਦਵਾਰ ਬਣਾ ਦਿੱਤਾ ਹੈ ਜਿਸ ਤੋਂ ਇਹ ਤਾਂ ਸਾਫ਼ ਹੈ ਕਿ ਪੰਥਕ ਵੋਟ ਜ਼ਰੂਰ ਵੰਡੀ ਜਾਵੇਗੀ। ਜੇ ਗੱਲ 2014 ਦੀਆਂ ਚੋਣਾਂ ਦੀ ਕੀਤੀ ਜਾਵੇ ਤਾਂ ਉਸ ਵੇਲੇ ਅਕਾਲੀ ਦਲ ਨੇ ਕਮਲਦੀਰ ਕੌਰ ਦੇ ਵਿਰੋਧ ਵਿੱਚ ਦੀਪੇਂਦਰ ਸਿੰਘ ਢਿੱਲੋਂ ਨੂੰ ਉਮੀਦਵਾਰ ਨੂੰ ਉਮੀਦਵਾਰ ਬਣਾਇਆ ਸੀ ਹਾਲਾਂਕਿ ਉਸ ਵੇਲੇ ਦੋਵਾਂ ਲੀਡਰਾਂ ਦੀ ਹਾਰ ਹੋਈ ਸੀ। ਇਸ ਦੇ ਨਾਲ ਹੀ ਜੇ ਗੱਲ ਖਡੂਰ ਸਾਹਿਬ ਦੀ ਕੀਤੀ ਜਾਵੇ ਤਾਂ 2019 ਦੀਆਂ ਚੋਣਾਂ ਵਿੱਚ ਪਰਮਜੀਤ ਕੌਰ ਖਾਲੜਾ ਦੇ ਵਿਰੋਧ ਵਿੱਚ ਅਕਾਲੀ ਦਲ ਨੇ ਬੀਬੀ ਜਗੀਰ ਕੌਰ ਨੂੰ ਉਮੀਦਵਾਰ ਬਣਾਇਆ ਸੀ।

### 2022 ਦੀ ਜ਼ਿਮਨੀ ਚੋਣ ਵਿੱਚ ਅਕਾਲੀ ਦਲ ਨੇ ਖੇਡਿਆ ਸੀ ਬੰਦੀ ਸਿੰਘਾਂ ਦੀ ਰਿਹਾਈ ਦਾ ਪੱਤਾ

ਜ਼ਿਕਰ ਕਰ ਦਈਏ ਕਿ ਸੰਗਰੂਰ ਵਿੱਚ 2022 ਦੀ ਜ਼ਿਮਨੀ ਚੋਣ ਮੌਕੇ ਸ਼੍ਰੋਮਣੀ ਅਕਾਲੀ ਦਲ ਨੇ ਬੰਦੀ ਸਿੰਘ ਬਲਵੰਤ ਸਿੰਘ ਰਾਜੋਆਣਾ ਦੀ ਭੈਣ ਦੀ ਕਮਲਦੀਪ ਕੌਰ ਨੂੰ ਉਮੀਦਵਾਰ ਨੂੰ ਬਣਾਇਆ ਸੀ ਜਿਸ ਨੂੰ ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ, ਬਹੁਜਨ ਸਮਾਜ ਪਾਰਟੀ ਅਤੇ ਸਮੂਹ ਪੰਥਕ ਜਥੇਬੰਦੀਆਂ ਵੱਲੋਂ ਸਾਂਝਾ ਉਮੀਦਵਾਰ ਐਲਾਨ ਦਿੱਤਾ ਹੈ। ਅਕਾਲੀ ਦਲ ਦੇ ਪ੍ਰਧਾਨ ਨੇ 'ਪੰਥ' ਨੂੰ ਬੀਬਾ ਕਮਲਦੀਪ ਰਾਜੋਆਣਾ ਦੀ ਉਮੀਦਵਾਰੀ ਦਾ ਤਨ-ਮਨ ਨਾਲ ਸਮਰਥਨ ਕਰਨ ਦੀ ਅਪੀਲ ਕੀਤੀ ਸੀ ਹਾਲਾਂਕਿ ਇਸ ਚੋਣ ਵਿੱਚ ਉਨ੍ਹਾਂ ਦੀ ਬੁਰੀ ਤਰ੍ਹਾਂ ਨਾਲ ਹਾਰ ਹੋਈ ਸੀ।

### ਅਕਾਲੀ ਦਲ 1996 ਤੋਂ ਬਾਅਦ ਪਹਿਲੀ ਵਾਰ ਭਾਜਪਾ ਨਾਲ ਗਠਜੋੜ ਟੁੱਟਣ ਤੋਂ ਬਾਅਦ

## ਗੁਰਦਾਸਪੁਰ ਲੋਕ ਸਭਾ ਸੀਟ ਤੋਂ ਪਾਰਟੀ ਦੇ ਚੋਣ ਨਿਸ਼ਾਨ ਤੱਕੜੀ 'ਤੇ ਲੜੇਗਾ ਚੋਣ

ਚੰਡੀਗੜ੍ਹ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਭਾਰਤੀ ਜਨਤਾ ਪਾਰਟੀ (ਭਾਜਪਾ) ਨਾਲ ਗਠਜੋੜ ਟੁੱਟਣ ਤੋਂ ਬਾਅਦ ਅਕਾਲੀ ਦਲ 1996 ਤੋਂ ਬਾਅਦ ਪਹਿਲੀ ਵਾਰ ਪਾਰਟੀ ਚੋਣ ਨਿਸ਼ਾਨ ਤੱਕੜੀ 'ਤੇ ਗੁਰਦਾਸਪੁਰ ਲੋਕ ਸਭਾ ਸੀਟ 'ਤੇ ਚੋਣ ਲੜਨ ਜਾ ਰਿਹਾ ਹੈ। ਉਹ ਇਸ ਸੀਟ 'ਤੇ ਆਪਣੇ ਸਾਬਕਾ ਸਹਿਯੋਗੀ ਨਾਲ ਮੁਕਾਬਲਾ ਕਰਨ ਲਈ ਤਿਆਰ ਹੈ ਜਿਸ ਨੇ ਇਹ ਸੀਟ ਹਾਸਲ ਕਰਨ ਲਈ ਕਈ ਮੌਕਿਆਂ 'ਤੇ 'ਸਟਾਰ ਪਾਵਰ' ਦੀ ਵਰਤੋਂ ਕੀਤੀ ਹੈ। ਸ਼੍ਰੋਮਣੀ ਅਕਾਲੀ ਦਲ ਨੇ 1996 ਵਿੱਚ ਭਾਜਪਾ ਨਾਲ ਹੱਥ ਮਿਲਾਇਆ ਸੀ। ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਲਈ ਸੀਟ ਵੰਡ ਪ੍ਰਣਾਲੀ ਤਹਿਤ ਭਾਜਪਾ ਅੰਮ੍ਰਿਤਸਰ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਤੋਂ ਚੋਣ ਲੜਦੀ ਸੀ। ਅਕਾਲੀ ਦਲ 2020 ਵਿੱਚ ਖੇਤੀਬਾੜੀ ਕਾਨੂੰਨਾਂ ਨੂੰ ਲੈ ਕੇ ਭਾਜਪਾ ਦੀ ਅਗਵਾਈ ਵਾਲੇ ਰਾਸ਼ਟਰੀ ਲੋਕਤੰਤਰੀ ਗਠਜੋੜ (ਐਨਡੀਏ) ਤੋਂ ਵੱਖ ਹੋ ਗਿਆ ਸੀ। ਇਹ ਕਾਨੂੰਨ ਹੁਣ ਰੱਦ ਕਰ ਦਿੱਤੇ ਗਏ ਹਨ। ਚੀਮਾ ਨੇ ਦੱਸਿਆ ਕਿ ਪਾਰਟੀ ਵੱਲੋਂ ਗੁਰਦਾਸਪੁਰ ਤੋਂ ਉਮੀਦਵਾਰ ਉਤਾਰੇ ਜਾਣ 'ਤੇ ਅਕਾਲੀ ਵਰਕਰ ਕਾਫੀ ਉਤਸ਼ਾਹਿਤ ਹਨ ਅਤੇ ਪਾਰਟੀ ਦੇ ਚੋਣ ਨਿਸ਼ਾਨ 'ਤੱਕੜੀ ਨੂੰ ਦੇਖ ਕੇ ਖੁਸ਼ ਹਨ। ਇਸ ਚੋਣ ਨਿਸ਼ਾਨ ਨਾਲ ਉਨ੍ਹਾਂ ਦਾ ਜਜ਼ਬਾਤੀ ਲਗਾਅ ਹੈ। ਐੱਮ.ਬੀ.ਬੀ.ਐੱਸ. ਡਾਕਟਰ ਚੀਮਾ ਨੇ ਭਾਜਪਾ ਵੱਲੋਂ ਉਸ ਨੂੰ 'ਬਾਹਰੀ ਵਿਅਕਤੀ' ਕਰਾਰ ਦੇਣ ਦੇ ਦੋਸ਼ਾਂ ਦਾ ਖੰਡਨ ਕਰਦਿਆਂ ਕਿਹਾ ਕਿ ਉਸ ਦਾ ਜਨਮ ਸ੍ਰੀ ਹਰਗੋਬਿੰਦਪੁਰ ਦੇ ਪਿੰਡ ਮਾੜੀ ਬੁਚੀਆਂ ਵਿੱਚ ਹੋਇਆ ਸੀ ਅਤੇ ਉਸ ਨੇ ਪਿੰਡ ਦੇ ਸਕੂਲ ਵਿੱਚ ਪੜ੍ਹਾਈ ਕੀਤੀ ਸੀ। ਚੀਮਾ ਨੇ ਕਿਹਾ ਕਿ ਉਨ੍ਹਾਂ ਨੇ ਪਹਿਲੀ ਵਾਰ 2002 ਵਿੱਚ ਗੁਰਦਾਸਪੁਰ ਦੀ ਸ੍ਰੀ ਹਰਗੋਬਿੰਦਪੁਰ ਵਿਧਾਨ ਸਭਾ ਸੀਟ ਤੋਂ ਚੋਣ ਲੜੀ ਸੀ। ਭਾਜਪਾ ਇਸ ਸੀਟ 'ਤੇ ਵਿਨੋਦ ਖੰਨਾ ਅਤੇ ਸੰਨੀ ਦਿਓਲ ਵਰਗੇ ਬਾਲੀਵੁੱਡ ਕਲਾਕਾਰਾਂ ਨੂੰ ਮੈਦਾਨ 'ਚ ਉਤਾਰ ਕੇ ਜਿੱਤ ਹਾਸਲ ਕਰਦੀ ਰਹੀ। ਹਾਲਾਂਕਿ ਇਸ ਵਾਰ ਉਨ੍ਹਾਂ ਨੇ ਸਥਾਨਕ ਆਗੂ ਤੇ ਸਾਬਕਾ ਵਿਧਾਇਕ ਦਿਨੇਸ਼ ਸਿੰਘ ਬੱਬੂ ਨੂੰ ਉਮੀਦਵਾਰ ਬਣਾਇਆ ਹੈ। ਭਾਜਪਾ ਨੇ 26 ਮਾਰਚ ਨੂੰ ਐਲਾਨ ਕੀਤਾ ਸੀ ਕਿ ਉਹ ਪੰਜਾਬ 'ਚ ਇਕੱਲਿਆਂ ਹੀ ਚੋਣਾਂ ਲੜੇਗੀ। ਚੀਮਾ ਨੇ ਕਿਹਾ ਕਿ ਭਾਜਪਾ ਨੂੰ ਉਸ ਹਲਕੇ ਵਿੱਚ 'ਨਕਾਰਾਤਮਕਤਾ' ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿੱਥੋਂ ਉਹ ਫਿਲਮੀ ਸਿਤਾਰਿਆਂ ਨੂੰ ਮੈਦਾਨ ਵਿੱਚ ਉਤਾਰ ਰਹੀ ਹੈ। ਭਾਜਪਾ ਦੇ 1998 'ਚ ਬਾਲੀਵੁੱਡ ਸਟਾਰ ਵਿਨੋਦ ਖੰਨਾ ਨੂੰ ਇਸ ਸੀਟ ਤੋਂ ਉਤਾਰਨ ਤੋਂ ਪਹਿਲਾਂ ਗੁਰਦਾਸਪੁਰ ਲੋਕ ਸਭਾ ਸੀਟ ਕਾਂਗਰਸ ਦਾ ਗੜ੍ਹ ਸੀ। 2017 'ਚ ਖੰਨਾ ਦੀ ਮੌਤ ਤੋਂ ਬਾਅਦ ਕਾਂਗਰਸ ਦੇ ਸੁਨੀਲ ਜਾਖੜ ਨੇ 2017 ਦੀ ਉਪ ਚੋਣ ਜਿੱਤੀ ਸੀ। 2019 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੇ ਸੰਨੀ ਦਿਓਲ ਨੂੰ ਆਪਣਾ ਉਮੀਦਵਾਰ ਬਣਾਇਆ ਸੀ।

### ਲੁਧਿਆਣਾ ਲੋਕ ਸਭਾ ਸੀਟ ਬਣੀ ਹਾਟ ਸੀਟ

## ਬਿੱਟੂ ਦਾ ਤੋੜ ਲੱਭਣ ਲਈ ਕਾਂਗਰਸ ਇਨ੍ਹਾਂ ਲੀਡਰਾਂ ਚੋਂ ਇੱਕ 'ਤੇ ਖੇਡ ਸਕਦੀ ਦਾਅ ?











ਚੰਡੀਗੜ੍ਹ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਲੁਧਿਆਣਾ ਲੋਕ ਸਭਾ ਸੀਟ ਲਈ ਕਾਂਗਰਸ ਰਵਨੀਤ ਸਿੰਘ ਬਿੱਟੂ ਨੂੰ ਟੱਕਰ ਦੇਣ ਲਈ ਚੋਟੀ ਦੇ ਲੀਡਰ ਦੀ ਭਾਲ ਕਰ ਰਹੀ ਹੈ। ਕਿਹਾ ਜਾ ਰਿਹਾ ਹੈ ਕਿ ਇਸ ਲਈ 4 ਸੀਨੀਅਰ ਲੀਡਰ ਮੁੱਖ ਦਾਅਵੇਦਾਰ ਮੰਨੇ ਜਾ ਰਹੇ ਹਨ। ਕੌਣ ਨੇ ਇਹ ਚਾਰ ਲੀਡਰ ਆਓ ਇਨ੍ਹਾਂ ਦੀ ਅੱਗੇ ਚਰਚਾ ਕਰਦੇ ਹਾਂ। ਰਵਨੀਤ ਸਿੰਘ ਬਿੱਟੂ ਦੇ ਕਾਂਗਰਸ ਛੱਡ ਕੇ ਭਾਜਪਾ ਵੱਲੋਂ ਉਮੀਦਵਾਰ ਬਣ ਜਾਣ ਤੋਂ ਬਾਅਦ ਕਾਂਗਰਸ ਲਈ ਲੀਡਲ ਲੱਭਣਾ ਔਖਾ ਹੋ ਗਿਆ ਹੈ। ਕਿਆਫੇ ਹਨ ਕਿ ਇੱਥੋਂ ਭਾਰਤ ਭੂਸ਼ਣ ਆਸ਼ੂ, ਪਰਗਟ ਸਿੰਘ, ਗੁਰਕੀਰਤ ਸਿੰਘ ਕੋਟਲੀ ਤੇ ਸਿਮਰਨਜੀਤ ਸਿੰਘ ਬੈਂਸ ਦੇ ਨਾਂਅ ਉੱਤੇ ਚਰਚਾਵਾਂ ਹੋ ਰਹੀਆਂ ਹਨ। ਪੰਜਾਬ ਦੇ ਸਾਬਕਾ ਮੰਤਰੀ ਤੇ ਲਧਿਆਣਾ ਕਾਂਗਰਸ ਦੇ ਸੀਨੀਅਰ ਲੀਡਰ ਭਾਰਤ ਭੂਸ਼ਣ ਆਸ਼ੂ ਦੀ ਦਾਅਵੇਦਾਰੀ ਸਭ ਤੋਂ ਮਜਬੂਤ ਮੰਨੀ ਜਾ ਰਹੀ ਹੈ। ਆਸ਼ੂ ਦੀ ਸਥਾਨਕ ਲੀਡਰ ਹੋਣ ਕਰਕੇ ਵਪਾਰੀਆਂ ਵਿੱਚ ਚੰਗੀ ਪਕੜ ਹੈ। ਖੰਨਾ ਤੋਂ ਦੋ ਵਾਰ ਦੇ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਗੁਰਕੀਰਤ ਸਿੰਘ ਕੋਟਲੀ ਦਾ ਨਾਂਅ ਵੀ ਚਰਚਾ ਵਿੱਚ ਹੈ ਜਿਸ ਦੀ ਮੁੱਖ ਵਜ੍ਹਾ ਇਹ ਮੰਨੀ ਜਾ ਰਹੀ ਹੈ ਕਿ ਇਹ ਰਵਨੀਤ ਸਿੰਘ ਬਿੱਟੂ ਦੇ ਚਚੇਰੇ ਭਰਾ ਹਨ। ਜਲੰਧਰ ਕੈਂਟ ਤੋਂ ਮੌਜੂਦਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪਰਗਟ ਸਿੰਘ ਦੇ ਨਾਂਅ ਉੱਤੇ ਵੀ ਵਿਚਾਰ ਕੀਤਾ ਜਾ ਰਿਹਾ ਹੈ। ਪਰਗਟ ਸਿੰਘ ਸੀਨੀਅਰ ਨੇਤਾ ਹੋਣ ਦੇ ਨਾਲ ਨਾਲ ਇੱਕ ਸਿੱਖ ਤੇ ਸਾਫ ਸੁਥਰੀ ਛਵੀ ਵਾਲੇ ਲੀਡਰ ਹਨ।

### ਹਾਂਗਕਾਂਗ-ਸਿੰਗਾਪੁਰ 'ਚ ਕਾਰਵਾਈ ਤੋਂ ਬਾਅਦ

## ਅਮਰੀਕਾ 'ਚ ਵੀ ਜਾਂਚ ਦੇ ਘੇਰੇ 'ਚ ਆਏ MDH ਤੇ Everest

ਨਵੀਂ ਦਿੱਲੀ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਭਾਰਤ ਦੇ ਦੋ ਵੱਡੇ ਮਸਾਲਾ ਬ੍ਰਾਂਡ **MDH** ਅਤੇ **Everest** ਹੌਲੀ–ਹੌਲੀ ਦੁਨੀਆ ਭਰ ਵਿੱਚ ਪ੍ਰਸਿੱਧੀ ਪ੍ਰਾਪਤ ਕਰ ਰਹੇ ਹਨ। ਇਨ੍ਹਾਂ ਮਸਾਲਿਆਂ ਦੇ ਬ੍ਰਾਂਡਾਂ ਵਿਰੁੱਧ ਕਾਰਵਾਈ ਸਭ ਤੋਂ ਪਹਿਲਾਂ ਹਾਂਗਕਾਂਗ ਅਤੇ ਸਿੰਗਾਪੁਰ ਵਿੱਚ ਸ਼ੁਰੂ ਕੀਤੀ ਗਈ ਸੀ।




ਇਸ ਤੋਂ ਬਾਅਦ, ਹਾਲ ਹੀ ਵਿੱਚ ਭਾਰਤ ਦੇ **FSSAI** ਨੇ ਦੇਸ਼ ਭਰ ਵਿੱਚ ਉਨ੍ਹਾਂ ਦੇ ਨਮੂਨੇ ਇਕੱਠੇ ਕਰਕੇ ਟੈਸਟਿੰਗ ਦੀ ਪ੍ਰਕਿਰਿਆ ਸ਼ੁਰੂ ਕੀਤੀ ਸੀ। ਹੁਣ ਇਨ੍ਹਾਂ ਦੋਵਾਂ ਬ੍ਰਾਂਡਾਂ ਖਿਲਾਫ ਅਮਰੀਕਾ ਵਿਚ ਵੀ ਜਾਂਚ ਸ਼ੁਰੂ ਹੋ ਗਈ ਹੈ। ਅਮਰੀਕਾ ਦੇ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ (ਐੱਫ. ਡੀ. ਏ.) ਨੇ ਵੀ ਇਨ੍ਹਾਂ ਮਸਾਲਿਆਂ 'ਚ ਕੈਂਸਰ ਪੈਦਾ ਕਰਨ ਵਾਲੇ ਕੀਟਨਾਸ਼ਕ ਦੀ ਮੌਜੂਦਗੀ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਮਹੀਨੇ, ਹਾਂਗਕਾਂਗ ਨੇ **MDH** ਦੇ ਤਿੰਨ ਮਸਾਲਿਆਂ ਅਤੇ ਐਵਰੈਸਟ ਦੇ ਮੱਛੀ ਕਰੀ ਦੇ ਮਸਾਲੇ 'ਤੇ ਪਾਬੰਦੀ ਲਗਾ ਦਿੱਤੀ ਸੀ। ਇਸ ਤੋਂ ਇਲਾਵਾ ਸਿੰਗਾਪੁਰ ਨੇ ਵੀ ਇਨ੍ਹਾਂ ਮਸਾਲਿਆਂ ਨੂੰ ਬਾਜ਼ਾਰ ਤੋਂ ਵਾਪਸ ਲੈਣ ਦੇ ਹੁਕਮ ਦਿੱਤੇ ਸਨ। ਉਨ੍ਹਾਂ ਗਾਹਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਉਹ ਖਰੀਦੇ ਹਨ ਤਾਂ ਇਨ੍ਹਾਂ ਦੀ ਵਰਤੋਂ ਨਾ ਕਰਨ। ਇਨ੍ਹਾਂ ਮਸਾਲਿਆਂ ਵਿੱਚ ਈਥੀਲੀਨ ਆਕਸਾਈਡ ਪਾਇਆ ਗਿਆ, ਜੋ ਕਿ ਇੱਕ ਹਾਨੀਕਾਰਕ ਕੀਟਨਾਸ਼ਕ ਹੈ। ਜੇਕਰ ਲੰਬੇ ਸਮੇਂ ਤੱਕ ਇਸਦੀ ਵਰਤੋਂ ਕੀਤੀ ਜਾਵੇ ਤਾਂ ਇਹ ਕੈਂਸਰ ਦਾ ਕਾਰਨ ਬਣ ਸਕਦੀ ਹੈ। ਇਨ੍ਹਾਂ ਹੁਕਮਾਂ ਕਾਰਨ ਐਮਡੀਐਚ ਅਤੇ ਐਵਰੈਸਟ ਨੂੰ ਵੱਡਾ ਝਟਕਾ ਲੱਗਾ ਹੈ। ਦੋਵੇਂ ਮਸਾਲਾ ਬ੍ਰਾਂਡਾਂ ਖਿਲਾਫ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

### 10 ਦਿਨਾਂ ਤੋਂ ਟਰੇਨਾਂ ਬੰਦ, ਕਾਰੋਬਾਰੀਆਂ ਦਾ ਵੱਡਾ ਨੁਕਸਾਨ !


## ਪੰਜਾਬ ਨੂੰ 'ਬਲੈਕਲਿਸਟ' ਕਰਨ ਲੱਗੇ 'ਵਿਦੇਸ਼ੀ ਕਾਰੋਬਾਰੀ'

ਚੰਡੀਗੜ੍ਹ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਕਿਸਾਨਾਂ ਵੱਲੋਂ ਆਪਣੀ ਮੰਗਾਂ ਨੂੰ ਲੈ ਕੇ ਸ਼ੰਭੂ ਰੇਲਵੇ ਲਾਇਨ ਉੱਤੇ ਧਰਨਾ ਦਿੱਤਾ ਜਾ ਰਿਹਾ ਹੈ ਜਿਸ ਕਰਕੇ ਵੱਡੀ ਗਿਣਤੀ ਵਿੱਚ ਟਰੇਨਾ ਪ੍ਰਭਾਵਿਤ ਹੋਈਆਂ ਹਨ। ਇਸ ਦਾ ਸਿੱਧਾ ਸਿੱਧਾ ਅਸਰ ਲੁਧਿਆਣਾ ਦੀ ਹੌਜਰੀ ਤੇ ਹੋਟਲ ਇੰਡਸਟਰੀ ਉੱਤੇ ਪੈ ਰਿਹਾ ਹੈ। ਜੇ ਅੰਦੋਲਨ ਆਉਣ ਵਾਲੇ ਕੁਝ ਦਿਨਾਂ ਵਿੱਚ ਖ਼ਤਮ ਨਾ ਹੋਇਆ ਤਾਂ ਇਹ ਘਾਟਾ ਨਾ ਝੱਲਣਯੋਗ ਸਥਿਤੀ ਤੱਕ ਪਹੁੰਚ ਜਾਵੇਗਾ। ਟਰੇਨਾਂ ਬੰਦ ਹੋਣ ਕਾਰਨ ਲੁਧਿਆਣਾ ਦੇ ਕੱਪੜਾ ਉਦਯੋਗ ਉੱਤੇ ਵੀ ਇਸ ਦਾ ਅਸਰ ਪੈਣਾ ਸ਼ੁਰੂ ਹੋ ਗਿਆ ਹੈ। ਇਸ ਮੌਕੇ ਵਪਾਰੀਆਂ ਵੱਲੋਂ ਸਰਕਾਰ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਕਿਸਾਨਾਂ ਦੀਆਂ ਮੰਗਾਂ ਛੇਤੀ ਮੰਗ ਲਈਆਂ ਜਾਣ ਤਾਂ ਜੋ ਵਪਾਰੀਆਂ ਨੂੰ ਬਚਾਇਆ ਜਾ ਸਕੇ। ਟਰੇਨਾਂ ਨਾ ਚੱਲਣ ਤੋਂ ਲੁਧਿਆਣਾ ਦੀ ਹੋਟਲ ਇੰਡਸਟਰੀ ਨੂੰ ਵੀ ਜ਼ੋਰਦਾਰ ਝਟਕਾ ਲੱਗਿਆ ਹੈ। ਅੰਦਾਜ਼ੇ ਮੁਤਾਬਕ ਲੁਧਿਆਣਾ ਵਿੱਚ 600 ਹੋਟਲ ਨੇ ਜਿਨ੍ਹਾਂ ਚੋਂ 70 ਫ਼ੀਸਦੀ ਖਾਲੀ ਹਨ। ਪਹਿਲਾਂ ਕੀਤੀਆਂ ਗਈਆਂ ਬੁਕਿੰਗਾਂ ਕੈਂਸਲ ਹੋ ਰਹੀਆਂ ਹਨ ਤੇ ਨਵੀਂਆਂ ਬੁਕਿੰਗਾਂ ਨਾ ਬਰਾਬਰ ਹਨ। ਇਸ ਵੀ ਕਿਹਾ ਜਾ ਰਿਹਾ ਹੈ ਕਿ ਪੰਜਾਬ ਵਿੱਚ ਹੋ ਰਹੇ ਵਿਰੋਧ ਪ੍ਰਦਰਸ਼ਨਾਂ ਕਾਰਨ ਬਾਹਰੀ ਵਪਾਰੀਆਂ ਨੇ ਪੰਜਾਬ ਨੂੰ ਬਲੈਕਲਿਸਟ ਕਰਨਾ ਸ਼ੁਰੂ ਕਰ ਦਿੱਤਾ ਹੈ। ਵੱਡੀਆਂ ਕੰਪਨੀਆਂ ਵੀ ਪੰਜਾਬ ਆਉਣ ਤੋਂ ਕੰਨੀ ਕਤਰਾਉਣ ਲੱਗੀਆਂ ਹਨ। ਕੰਪਨੀਆਂ ਦਾ ਪੰਜਾਬ ਦਾ ਮੋਹਭੰਗ ਹੋ ਰਿਹਾ ਹੈ। ਜ਼ਿਕਰ ਕਰ ਦਈਏ ਕਿ ਕਿਸਾਨਾਂ ਦੇ ਅੰਦੋਲਨ ਦੇ ਕਾਰਨ 1050 ਟਰੇਨਾਂ ਪ੍ਰਭਾਵਿਤ ਹੋਈਆਂ ਹਨ। ਅਧਿਕਾਰੀਆਂ ਦਾ ਕਹਿਣਾ ਹੈ ਕਿ ਟਰੇਨਾਂ 5 ਤੋਂ 8 ਘੰਟੇ ਤੱਕ ਲੇਟ ਚੱਲ ਰਹੀਆਂ ਹਨ।




ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧਰਮ ਪ੍ਰਚਾਰ ਲਈ ਦਮਦਮੀ ਟਕਸਾਲ
ਨਾਮ ਜਪੋ | ਕਿਰਤ ਕਰੋ | ਵੰਡ ਛਕੋ
Naam Japo | Kirat Karo | Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

Love Maa Boli Punjabi

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating
Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

THE GURBANI SCHOOL

THE GURBANI SCHOOL

ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ
ਗੁਰਬਾਣੀ ਸਕੂਲ ਡਾਊਨਲੋਡ ਕਰੋ।

LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM
International Newspaper & WEB TV

INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

ਉ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ
ਜਥਾ ਭਿੰਡਰਾਂ
ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਅਤੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਓਹ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਲਾਈ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ ਇਹ ਜਗ੍ਹਾ £650,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਹੋਈ ਜਾਂ ਪੂਰੀ ਮਨੋਕਾਮਨਾ ਸਟੈਂਡਿੰਗ ਆਰਡਰ ਸਮਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ
(Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੱਲੋਂ ਜ਼ਰੂਰ ਲਿਖੋ ਜੀ। ਧੰਨਵਾਦ।

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ



ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ



ਤਖ਼ਤ ਸ੍ਰੀ ਹਰਿਮੰਦਰ ਜੀ
ਪਟਨਾ ਸਾਹਿਬ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ
ਸ੍ਰੀ ਅਨੰਦਪੁਰ ਸਾਹਿਬ



ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਬਠਿੰਡਾ)



ਤਖ਼ਤ ਸ੍ਰੀ ਹਜ਼ੂਰ ਸਾਹਿਬ
ਅਬਿਚਲ ਨਗਰ (ਨੰਦੇੜ)



[illegible] ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

(ਸੰਨ 2024–25)

### ਚੇਤ (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਵੈਸਾਖ (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਜੇਠ (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਹਾੜ (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਸਾਵਣ (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਭਾਦੋਂ (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਅੱਸੂ (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

### ਕੱਤਕ (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਮੱਘਰ (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਪੋਹ (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

### ਮਾਘ (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

### ਫੱਗਣ (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

● ਸੰਗਰਾਂਦ ● ਮੱਸਿਆ ● ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | [illegible] | ਭਗਤ ਸਾਹਿਬਾਨ ਦੇ ਦਿਹਾੜੇ

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :


+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਨੂੰ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਦਮਦਮੀ ਟਕਸਾਲ ਵੱਲੋਂ ਪ੍ਰਕਾਸ਼ਤ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਅਰਥਾਂ ਦੇ ਪੰਥ ਪ੍ਰਵਾਨਿਤ

■ 'ਸ਼੍ਰੋਮਣੀ ਦਮਦਮੀ ਸਟੀਕ' ਦੇ ਸੰਪੂਰਨ ਹੋਣ ਤੇ ਪਿਛਲੇ ਦਿਨੀ ਸਿੱਖ ਪੰਥ ਦੇ ਸਿਰਮੌਰ ਤਖਤ ਸ਼੍ਰੀ ਅਕਾਲ ਤਖਤ ਸਾਹਿਬ ਜੀ ਵਿਖੇ ਤਖਤ ਸਾਹਿਬਾਨਾਂ ਦੇ ਜਥੇਦਾਰ,ਸਿੰਘ ਸਹਿਬਾਨਾਂ , ਸੰਤ ਮਹਾਂਪੁਰਸ਼ਾਂ ਅਤੇ ਸਿਰਮੌਰ ਧਾਰਮਿਕ ਸ਼ਖਸ਼ੀਅਤਾਂ ਵੱਲੋਂ ਇਹ ਸਟੀਕ ਰਿਲੀਜ ਕੀਤਾ ਗਿਆ ਸੀ















ਅੱਜ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁ: ਗੁਰਦਰਸ਼ਨ ਪ੍ਰਕਾਸ਼ (ਮਹਿਤਾ) ਵਿਖੇ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਵੱਲੋਂ ਸਟੀਕ ਦੀ ਸੰਪੂਰਨਤਾ ਦੀ ਖੁਸ਼ੀ 'ਚ ਆਰੰਭ ਕੀਤੇ ਗਏ ਸ਼੍ਰੀ ਅਖੰਡ ਪਾਠ ਸਾਹਿਬ ਜੀ ਭੋਗ ਪਾਏ ਗਏ ਅਤੇ ਉਪਰੰਤ ਸੰਖੇਪ ਸ਼ੁਕਰਾਨਾ ਸਮਾਗਮ ਕੀਤਾ ਗਿਆ। ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ

ਆਵਾਜ਼ਿ ਕੌਮ AWAZE QAUM International Newspaper & WEB TV

ਮਹਾਂਪੁਰਸ਼ਾਂ ਵੱਲੋਂ ਲੱਗਭੱਗ 10 ਸਾਲ ਦੀ ਅਣਥੱਕ ਕਠਨ ਘਾਲਣਾ ਮਿਹਨਤ ਸਦਕਾ ਇਹ ਕਾਰਜ ਸੰਪੂਰਨ ਹੋਇਆ । ਮਹਾਂਪੁਰਸ਼ਾਂ ਵੱਲੋਂ ਇਸ ਵੱਡਮੁੱਲੇ ਕਾਰਜ 'ਚ ਸੇਵਾਵਾਂ ਨਿਭਾਉਣ ਵਾਲੇ ਜਥੇ ਦੇ ਸਿੰਘਾਂ ਨੂੰ ਗੋਲਡ ਮੈਡਲਾਂ ਦੁਆਰਾ ਸਨਮਾਨਤ ਕੀਤਾ ਗਿਆ । ਉਪਰੰਤ ਸ਼੍ਰੀ ਨਿਸ਼ਾਨ ਸਾਹਿਬ ਜੀ ਦੇ ਥੜ੍ਹੇ ਉਪਰ ਸੁੰਦਰ ਸੰਗਮਰਮਰ ਲਗਾਉਣ ਦੀ ਸੇਵਾ ਦੀ ਵੀ ਮਹਾਂਪੁਰਸ਼ਾਂ ਵੱਲੋਂ ਆਰੰਭਤਾ ਕੀਤੀ ਗਈ ।


ਆਵਾਜ਼ਿ ਕੌਮ
AWAZE QAUM
International Newspaper & WEB TV
SHIROMANI PANTH AKAALI BUDHA DAL FAUJ UK
UNDER THE GUIDANCE OF AKAALI BABA MAAN SINGH JI 96 CRORI
Mahant Giani Tarlochan Singh Ji
HEAD GRANTHI MISL
SHAHEEDAN TARNA DAL SRI
BABA BAKALA SAHIB
UK TOUR 2024
ARRIVING 30 APRIL
AT MANCHESTER AIRPORT
TIME: 12PM
FOR FURTHER INFORMATION
CONTACT 07789616665 /
07888371623 / 07748380389
AMRIT SANCHAAR
BY PANJ PYAARE FROM BUDHA DAL AND TARNA DAL
SATURDAY 4 MAY 2024
SRI GURU SINGH SABHA GURDWARA
32 DERBY ST, CHEETHAM HILL,
MANCHESTER M8 8RY
• ARRIVE AT 10AM
• BUDHA DAL LICENCE PROVIDED ON THE DAY
• KESI ISHNAN MUST BE DONE

## ਇੱਕ ਨਜ਼ਰ



## ਈਮਾਨ ਸਿੰਘ ਮਾਨ ਨੇ ਸ਼ਹੀਦ ਊਧਮ ਸਿੰਘ ਨਗਰ ਵਿਖੇ ਹੋਏ ਕੀਰਤਨ ਸਮਾਗਮ ਵਿੱਚ ਭਰੀ ਹਾਜਰੀ

### ਵਾਰਡ ਇੰਚਾਰਜ ਹਰਸਿਮਰਨਜੀਤ ਸਿੰਘ ਅਤੇ ਸ੍ਰ ਬਲਵਿੰਦਰ ਸਿੰਘ ਕਾਲਾ ਦੇ ਗ੍ਰਹਿ ਵਿਖੇ ਵੀ ਗਏ

ਅੰਮ੍ਰਿਤਸਰ 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਬੀਤੀ ਰਾਤ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਲੋਕ ਸਭਾ ਉਮੀਦਵਾਰ ਸ੍ਰ ਈਮਾਨ ਸਿੰਘ ਜੀ ਮਾਨ ਸ਼ਹੀਦ ਊਧਮ ਸਿੰਘ ਨਗਰ, ਵਾਰਡ ਨੰ 43, ਗਲੀ ਨੰਬਰ 3, ਵਿਖੇ ਖ਼ਾਲਸਾ ਪੰਥ ਦੇ ਸਾਜਨਾਂ ਦਿਵਸ ਨੂੰ ਸਮਰਪਿਤ ਕਰਵਾਏ ਗਏ ਸਲਾਨਾਂ ਕੀਰਤਨ ਦਰਬਾਰ ਵਿੱਚ ਹਾਜ਼ਰੀ ਭਰੀ ਅਤੇ ਸੰਗਤਾਂ ਦੇ ਨਾਲ ਬੈਠ ਕੇ ਕੀਰਤਨ ਸਰਵਣ ਕਰਕੇ ਆਨੰਦ ਮਾਣਿਆ। ਇਸ ਸਮੇਂ ਸ੍ਰ ਈਮਾਨ ਸਿੰਘ ਜੀ ਮਾਨ ਦੇ ਨਾਲ ਮੁੱਖ ਸੇਵਾਦਾਰ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਭਾਈ ਰਣਜੀਤ ਸਿੰਘ ਜੀ ਦਮਦਮੀ ਟਕਸਾਲ, ਸ੍ਰ ਰਾਜਵਿੰਦਰ ਸਿੰਘ ਹਲਕਾ ਇੰਚਾਰਜ ਦੱਖਣੀ ਅੰਮ੍ਰਿਤਸਰ, ਸ੍ਰ ਸ਼ਮਸ਼ੇਰ ਸਿੰਘ ਪੱਧਰੀ ਜਿਲਾ ਪ੍ਰੈਸ ਸਕੱਤਰ, ਸ੍ਰ ਰਵੀਸ਼ੇਰ ਸਿੰਘ ਯੂਥ ਆਗੂ, ਸ੍ਰ ਸਿਮਰਨਜੀਤ ਸਿੰਘ, ਸ੍ਰ ਹਰਸਿਮਰਨਜੀਤ ਸਿੰਘ, ਸ੍ਰ ਸੁਖਦੇਵ ਸਿੰਘ ਜੀ ਚੱਕੀ ਵਾਲੇ, ਸ੍ਰ ਅਨਮੋਲਦੀਪ ਸਿੰਘ, ਸ੍ਰ ਜਸਪ੍ਰੀਤ ਸਿੰਘ ਜੋਨੀ, ਸ੍ਰ ਇੰਦਰਜੀਤ ਸਿੰਘ ਮਠਾਰੂ ਅਤੇ ਦਿਲਪ੍ਰੀਤ ਸਿੰਘ ਖਾਲਸਾ ਵੀ ਹਾਜਰ ਸਨ ਅਤੇ ਕਮੇਟੀ ਮੈਂਬਰਾਂ ਵੱਲੋਂ ਸ੍ਰ ਈਮਾਨ ਸਿੰਘ ਜੀ ਮਾਨ ਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿੱਚ ਸਿਰੋਪਾਓ ਦੇਕੇ ਸਨਮਾਨਿਤ ਵੀ ਕੀਤਾ ਗਿਆ। ਇਸ ਉਪਰੰਤ ਸ੍ਰ ਈਮਾਨ ਸਿੰਘ ਜੀ ਮਾਨ ਪਾਰਟੀ ਦੇ ਵਾਰਡ ਨੰਬਰ 43 ਤੋਂ ਇੰਚਾਰਜ ਸ੍ਰ ਹਰਸਿਮਰਨਜੀਤ ਸਿੰਘ ਅਤੇ ਪੁਰਾਣੇ ਪਾਰਟੀ ਵਰਕਰ ਸ੍ਰ ਬਲਵਿੰਦਰ ਸਿੰਘ ਕਾਲਾ ਜੀ ਦੇ ਗ੍ਰਹਿ ਵਿਖੇ ਵੀ ਗਏ ਅਤੇ ਉਥੇ ਵੀ ਪਾਰਟੀ ਅੱਹੁਦੇਦਾਰਾਂ ਅਤੇ ਗਲੀ ਨੰਬਰ 3 ਦੇ ਨਿਵਾਸੀਆਂ ਵੱਲੋਂ ਸ੍ਰ ਈਮਾਨ ਸਿੰਘ ਜੀ ਮਾਨ ਦਾ ਨਿੱਘਾ ਸਵਾਗਤ ਕਰਦਿਆਂ ਸਿਰੋਪਾਓ ਦੇਕੇ ਸਨਮਾਨਿਤ ਕੀਤਾ ਗਿਆ ਅਤੇ ਨਾਲ ਹੀ ਵਿਸ਼ਵਾਸ ਦਵਾਇਆ ਕਿ ਇਸ ਵਾਰ ਸਮੂਹ ਇਲਾਕਾ ਨਿਵਾਸੀ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਹੱਕ ਵਿੱਚ ਆਪਣਾਂ ਫਤਵਾ ਦੇਣਗੇ।

## ਐਮੀਨੈਂਸ ਅਤੇ ਮੈਰੀਟੋਰੀਅਸ ਸਕੂਲਾਂ ਦੀ ਦਾਖਲਾ ਪ੍ਰੀਖਿਆ ਵਿੱਚ ਸਰਕਾਰੀ ਸਕੂਲ ਸ਼ੇਖਪੁਰਾ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



ਤਲਵੰਡੀ ਸਾਬੋ, 28 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸਰਕਾਰੀ ਐਮੀਨੈਂਸ ਅਤੇ ਮੈਰੀਟੋਰੀਅਸ ਸਕੂਲਾਂ ਦੀ ਦਾਖਲਾ ਪ੍ਰੀਖਿਆ ਵਿੱਚ ਸਹੀਦ ਜਗਰਾਜ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਖਪੁਰਾ ਦੇ ਵਿਦਿਆਰਥੀਆਂ ਦੇ ਆਏ ਸ਼ਾਨਦਾਰ ਨਤੀਜੇ। ਮਾਸਟਰ ਵੀਰ ਸਿੰਘ ਨੇ ਦੱਸਿਆ ਕਿ ਹਰ ਸਾਲ ਇਸ ਸਕੂਲ ਦੇ ਵਿਦਿਆਰਥੀ ਮੈਰੀਟੋਰੀਅਸ ਦੀ ਪ੍ਰੀਖਿਆ ਪਾਸ ਕਰਨ ਵਿੱਚ ਸਫਲ ਹੁੰਦੇ ਹਨ। ਇਸ ਵਾਰ ਇਸ ਦਾਖਲਾ ਪ੍ਰੀਖਿਆ ਵਿੱਚ ਸਕੂਲ ਦੇ 15 ਵਿਦਿਆਰਥੀ ਅਪੀਅਰ ਹੋਏ ਜਿਸ ਵਿੱਚੋਂ 12 ਵਿਦਿਆਰਥੀ ਇਸ ਪ੍ਰੀਖਿਆ ਨੂੰ ਪਾਸ ਕਰਨ ਵਿੱਚ ਸਫਲ ਹੋਏ। ਇਸ ਸਕੂਲ ਦੇ ਵਿਦਿਆਰਥੀ ਗੁਰਸੇਵਕ ਸਿੰਘ ਪੁੱਤਰ ਬੇਅੰਤ ਸਿੰਘ ਸ਼ੇਖਪੁਰਾ ਨੇ ਇਸ ਪ੍ਰੀਖਿਆ ਵਿੱਚ 117 ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਮੈਥ ਮਾਸਟਰ ਗਗਨਦੀਪ ਸਿੰਘ ਨੇ ਦੱਸਿਆ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਇਸ ਵਾਰ ਪ੍ਰੀਖਿਆ ਦੇ ਪੈਟਰਨ ਵਿੱਚ ਕੁਝ ਫਰਕ ਸੀ ਜਿਸ ਕਰਕੇ ਵਿਦਿਆਰਥੀਆਂ ਨੂੰ ਅਲੱਗ ਤੋਂ ਇਸ ਪੇਪਰ ਲਈ ਤਿਆਰੀ ਕਰਵਾਉਣੀ ਪਈ ਤੇ ਉਹਨਾਂ ਕਿਹਾ ਕਿ ਵਿਦਿਆਰਥੀਆਂ ਨੇ ਮੈਰੀਟੋਰੀਅਸ ਦਾਖਲਾ ਪ੍ਰੀਖਿਆ ਪਾਸ ਕਰਕੇ ਸਕੂਲ ਅਤੇ ਪਿੰਡ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਸਮੂਹ ਸਕੂਲ ਸਟਾਫ ਨੇ ਵਿਦਿਆਰਥੀਆਂ ਦੇ ਨਤੀਜ਼ਿਆਂ ਤੇ ਖੁਸ਼ੀ ਪ੍ਰਗਟ ਕਰਦਿਆਂ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ। ਸਕੂਲ ਪ੍ਰਿੰਸੀਪਲ ਸ੍ਰੀ ਭੀਮ ਸੈਨ ਨੇ ਬੋਰਡ ਦੇ ਦਸਵੀਂ ਅਤੇ ਮੈਰੀਟੋਰੀਅਸ ਸਕੂਲਾਂ ਦੀ ਦਾਖਲਾ ਪ੍ਰੀਖਿਆ ਦੇ ਨਤੀਜ਼ਿਆਂ ਤੇ ਖੁਸ਼ੀ ਜ਼ਾਹਰ ਕਰਦਿਆਂ ਸਮੂਹ ਸਟਾਫ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ।

## ਲੋਕ ਵਿਰੋਧੀ ਪਾਰਟੀਆਂ ਦਾ ਵਿਰੋਧ ਜਾਇਜ ਅਤੇ ਸਮੇਂ ਦੀ ਮੰਗ: ਹਰਜਿੰਦਰ ਸਿੰਘ ਨੂਰਪੁਰ



ਸ਼ਾਹਕੋਟ, 28 ਅਪ੍ਰੈਲ (ਸੁਰਿੰਦਰ ਛਾਬੜਾ)- ਲੋਕ ਵਿਰੋਧੀ ਪਾਰਟੀਆਂ ਦਾ ਵਿਰੋਧ ਜਾਇਜ , ਭਾਰਤ ਵਿਚ ਲੋਕ ਸਭਾ ਚੋਣਾਂ ਦੌਰਾਨ ਕੇਂਦਰ ਦੀ ਸੱਤਾਧਾਰੀ ਪਾਰਟੀ ਬੀ ਜੇ ਪੀ ਦਾ ਪੰਜਾਬ ਸਮੇਤ ਭਾਰਤ ਦੀਆਂ ਸਾਰੀਆਂ ਸਟੇਟਾਂ ਵਿਚ ਵਿਰੋਧ ਹੋ ਰਿਹਾ ਹੈ। ਕਿਉਂਕਿ ਬੀ ਜੇ ਪੀ ਨੇ ਆਪਣੇ ਪਿਛਲੇ ਕਾਰਜਕਾਲ ਦੌਰਾਨ ਸਾਰੇ ਫੈਸਲੇ ਲੋਕ ਵਿਰੋਧੀ ਲਏ ਕਿਸਾਨਾਂ, ਮਜ਼ਦੂਰਾ, ਘੱਟ ਗਿਣਤੀ ਲੋਕਾਂ ਤੇ ਖਾਸ ਕਰਕੇ ਦਲਿਤਾਂ ਨਾਲ ਬੀ ਜੇ ਪੀ ਦੇ ਵਰਕਰਾਂ ਵੱਲੋਂ ਚਾਹਤ ਦੀ ਹਰ ਸਟੇਟ ਵਿਚ ਧੱਕਾ ਕੀਤਾ ਗਿਆ, ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਰਜਿੰਦਰ ਸਿੰਘ ਨੂਰਪੁਰ ਭਾਰਤੀ ਕਿਸਾਨ ਯੂਨੀਅਨ ਦੇ ਆਗੂ ਨੇ ਕੀਤਾ। ਉਹਨਾਂ ਕਿਹਾ ਕਿ ਕਿਸਾਨਾਂ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਕਰਨ ਦੀ ਬਜਾਏ ਦਿਲੀ ਜਾ ਰਹੇ ਕਿਸਾਨਾਂ ਮਜਦੂਰਾਂ ਗੋਲੀਆਂ ਵੀ ਚਲਾਈਆਂ ਤੇ ਤੇ ਕਿਸਾਨਾਂ ਨੂੰ ਜ਼ਖ਼ਮੀ ਕੀਤਾ, ਹੁਣ ਲੋਕ ਸਭਾ ਚੋਣਾਂ ਵਿੱਚ ਲੋਕ ਇਹਨਾਂ ਗੱਲਾਂ ਦਾ ਜਵਾਬ ਮੰਗਦੇ ਹਨ ਤੇ ਪੁਲਿਸ ਵੱਲੋਂ ਉਹਨਾਂ ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ, ਇਸੇ ਤਰ੍ਹਾਂ ਹੀ ਭਾਰਤੀ ਕਿਸਾਨ ਯੂਨੀਅਨ ਦੇ ਏਕਤਾ ਉਗਰਾਹਾਂ ਦੇ ਵੱਲੋਂ ਬੀ ਜੇ ਪੀ ਦੇ ਉਮੀਦਵਾਰਾਂ ਨੂੰ ਪਿੰਡਾਂ ਵਿੱਚ ਆਉਣ ਤੇ ਸਵਾਲ ਪੁਛੇ ਗਏ ਪੰਜਾਬ ਦੇ ਮਲੇਰਕੋਟਲਾ ਸਮੇਤ ਹੋਰਾਂ ਥਾਵਾਂ ਫਰੀਦਕੋਟ, ਵਿੱਚ ਪੁਲਸ ਨੇ ਲੋਕਾਂ ਤੇ ਲਾਠੀਚਾਰਜ ਕੀਤਾ ਧੱਕਾਮੁੱਕੀ ਕੀਤਾ ਜਾ ਰਿਹਾ ਹੈ, ਮੇਰਾ ਹਰ ਵਾਰ ਵਿਦੇਸ਼ ਵਿਚ ਬੈਠੇ ਕਿਰਤੀ ਲੋਕਾਂ ਦੇ ਹੱਕਾਂ ਦੀ ਸਪੋਟ ਕਰਦੇ ਹਾਂ ਕਿਸਾਨਾਂ ਮਜਦੂਰਾਂ ਦਲਿਤਾਂ ਨਾਲ ਸਰਕਾਰ ਨੇ ਧੱਕਾ ਕੀਤਾ ਇਸ ਕਰਕੇ ਬੀ ਜੇ ਪੀ ਸਰਕਾਰ ਦਾ ਵਿਰੋਧ ਕਰਦੇ ਹਾਂ ।


### ‘ਸੱਜਣ ਮੇਰੇ ਰੰਗੁਲੇ ਜਾਇ ਸੁਤੇ ਜੀਰਾਣਿ’

# ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ:ਦਮਦਮੀ ਟਕਸਾਲ, ਇੰਗਲੈਂਡ ਵਾਲੇ 15 ਅਪ੍ਰੈਲ ਨੂੰ ਚੋਲਾ ਛੱਡ ਗਏ ਹਨ
















ਬੜੇ ਹੀ ਭਰੇ ਮਨ ਨਾਲ ਲਿਖਣਾ ਪੈ ਰਿਹਾ ਹੈ ਕਿ ਗੁਰ ਇਤਿਹਾਸ, ਗੁਰਮਤਿ ਅਤੇ ਗੁਰਬਾਣੀ ਦੇ ਮਹਾਨ ਵਿਦਵਾਨ ਤੇ ਲਿਖਾਰੀ, ਜਿਨ੍ਹਾਂ ਨੇ ਅੰਮ੍ਰਿਤ ਸੰਚਾਰ ਲਹਿਰ ਵਿਚ ਵੀ ਭਾਰੀ ਹਿੱਸਾ ਪਾਇਆ, ਹੁਣ ਸਰੀਰਕ ਰੂਪ ਵਿਚ ਸਾਡੇ ਵਿਚਕਾਰ ਨਹੀਂ ਰਹੇ। ਆਪ ਜੀ ਸਾਲ 1933 ਵਿਚ ਆਪਣੇ ਨਾਨਕੇ ਪਿੰਡ ਰੱਤਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਮਾਤਾ ਬਲਵੰਤ ਕੌਰ ਜੀ ਦੀ ਕੁੱਖੋਂ ਪੈਦਾ ਹੋਏ। ਆਪ ਦੇ ਪਿਤਾ ਸ. ਮੇਜਾ ਸਿੰਘ ਕੰਗ ਅੰਮ੍ਰਿਤਧਾਰੀ, ਪੂਰਨ ਨਿਤਨੇਮੀ ਅਤੇ ਕੌਮੀ ਜਜ਼ਬਾ ਰੱਖਣ ਵਾਲੇ ਸਿੰਘ ਸਨ, ਜਿਨ੍ਹਾਂ ਨੇ ਜੈਤੋ ਦੇ ਮੋਰਚੇ ਦੌਰਾਨ 13ਵੇਂ ਸ਼ਹੀਦੀ ਜਥੇ ਵਿਚ ਸ਼ਾਮਲ ਹੋ ਕੇ ਗ੍ਰਿਫਤਾਰੀ ਦਿੱਤੀ ਸੀ। ਆਪ ਦੇ ਨਾਨਾ ਜਥੇਦਾਰ ਸ਼ਾਮ ਸਿੰਘ ਰੰਧਾਵਾ ਜਿਥੇ ਜੈਤੋ ਦੇ ਮੋਰਚੇ ਵਿਚ ਸ਼ਾਮਲ ਰਹੇ, ਉਥੇ ਗੁਰੂ ਕੇ ਬਾਗ ਮੋਰਚੇ ਵਿਚ ਜਥਾ ਵੀ ਲੈ ਕੇ ਗਏ ਸਨ। ਗਿ. ਪ੍ਰੀਤਮ ਸਿੰਘ ਜੀ ਨੇ ਸਾਲ 1951 ਵਿਚ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲਿਆਂ ਦੇ ਜਥੇ ਵਿਚ ਸ਼ਾਮਲ ਹੋ ਕੇ ਸੰਪੂਰਨ ਵਿਦਿਆ ਪ੍ਰਾਪਤ ਕੀਤੀ ਅਤੇ ਛੇ ਸਾਲ ਵੱਡੇ ਮਹਾਂਪੁਰਸ਼ਾਂ ਦੇ ਲਿਖਾਰੀ ਵੀ ਰਹੇ। 1963 ਤੋਂ 1969 ਤੀਕ ਆਪ ਨੇ ਗੁਰਦੁਆਰਾ ਦੂਖ ਨਿਵਾਰਨ ਸਾਹਿਬ, ਪਟਿਆਲਾ ਵਿਖੇ ਕਥਾ ਵਾਚਕ ਅਤੇ ਹੈਡ ਗ੍ਰੰਥੀ ਦੀ ਡਿਊਟੀ ਕੀਤੀ, ਉਪ੍ਰੰਤ ਕੀਨੀਆ (ਈਸਟ ਅਫਰੀਕਾ) ਦੇ ਕਿਸੂਮੂ ਸ਼ਹਿਰ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਹੈੱਡ ਗ੍ਰੰਥੀ ਵਜੋਂ ਸੇਵਾ ਕੀਤੀ ਅਤੇ ਪ੍ਰਚਾਰ ਹਿਤ ਯੂਗੰਡਾ, ਕੀਨੀਆ ਤੇ ਤਨਜ਼ਾਨੀਆਂ ਵੀ ਗਏ। 1975 ਵਿਚ ਆਪ ਇੰਗਲੈਂਡ ਗਏ ਅਤੇ ਰਾਮਗੜ੍ਹੀਆ ਗੁਰਦੁਆਰੇ ਤੋਂ ਇਲਾਵਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਵਿਖੇ ਵੀ ਲੰਬਾ ਅਰਸਾ ਹੈੱਡ ਗ੍ਰੰਥੀ ਰਹੇ। ਆਪ ਜੀ ਗੁਰਮਤਿ ਪ੍ਰਚਾਰ ਲਈ ਜਰਮਨ, ਨਾਰਵੇ, ਫਰਾਂਸ, ਹਾਲੈਂਡ, ਇਟਲੀ, ਬੈਲਜੀਅਮ, ਆਸਟਰੀਆ, ਸਵਿਟਜ਼ਰਲੈਂਡ, ਕੈਨੇਡਾ, ਅਮਰੀਕਾ, ਮਲੇਸ਼ੀਆ, ਹਾਂਗਕਾਂਗ, ਸਿੰਗਾਪੁਰ, ਆਸਟਰੇਲੀਆ, ਨਿਊਜ਼ੀਲੈਂਡ ਆਦਿ ਦੇਸ਼ਾਂ ਵਿਚ ਖ਼ੂਬ ਵਿਚਰੇ ਅਤੇ ਗੁਰਮਤਿ ਪ੍ਰਚਾਰ ਤੇ ਅੰਮ੍ਰਿਤ ਸੰਚਾਰ ਦੀ ਇੱਕ ਤਰ੍ਹਾਂ ਲਹਿਰ ਹੀ ਚਲਾ ਦਿੱਤੀ। ਆਪ ਇਕ ਸਮਰੱਥ ਲੇਖਕ ਵੀ ਸਨ, ਜਿਨ੍ਹਾਂ ਨੇ ਦਮਦਮੀ ਟਕਸਾਲ ਦੇ ਬਾਰ੍ਹਵੇਂ ਜਥੇਦਾਰ ਵਿਦਿਆ ਮਾਰਤੰਡ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲਿਆਂ ਦੇ ਪਰਉਪਕਾਰੀ ਜੀਵਨ ਬਾਰੇ ਇਕ ਖੋਜ ਭਰਪੂਰ ਪੁਸਤਕ ’ਗਿਆਨ ਕਿਰਨਾਂ’ ਲਿਖੀ ਜੋ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਵੱਲੋਂ ਹੀ ਨਹੀਂ, ਬਲਕਿ ਗੁਰਬਾਣੀ ਤੇ ਗੁਰਮਤਿ ਸਾਹਿਤ ਨਾਲ ਦਿਲਚਸਪੀ ਰੱਖਣ ਵਾਲੇ ਜਗਿਆਸੂਆਂ ਵੱਲੋਂ ਵੀ ਵੱਡੇ ਚਾਅ ਨਾਲ ਪੜ੍ਹੀ ਜਾਂਦੀ ਹੈ। ਸਤਿਗੁਰੂ ਜੀ ਕਿਰਪਾ ਕਰਨ, ਜਿੱਥੇ ਗਿਆਨੀ ਪ੍ਰੀਤਮ ਸਿੰਘ ਲਿਖਾਰੀ ਜੀ ਦੀ ਪੁਨੀਤ ਆਤਮਾ ਨੂੰ ਆਪਣੇ ਚਰਨਾਂ ਵਿਚ ਸਦੀਵੀ ਨਿਵਾਸ ਬਖਸ਼ਣ, ਉਥੇ ਇਸ ਸੰਸਾਰ ਦੇ ਕਲਿਆਣ ਲਈ ਗਿਆਨੀ ਜੀ ਵਰਗੇ ਗਿਆਨਵਾਨ ਪੁਰਸ਼ਾਂ ਨੂੰ ਵੀ ਸਮੇਂ-ਸਮੇਂ ਦੁਨੀਆ ਵਿਚ ਜ਼ਰੂਰ ਘੱਲਦੇ ਰਹਿਣ।

**ਵੱਲੋਂ - ਭਾਈ ਨਿਰਵੈਰ ਸਿੰਘ ਅਰਸ਼ੀ, ਅਨੰਦਪੁਰ ਸਾਹਿਬ**

## ਖਲਾਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀ ਬਾਬਾ ਬਕਾਲਾ ਸਾਹਿਬ ਵਿਖੇ ਹੋਏ ਨਤਮਸਤਕ



ਚੌਕ ਮਹਿਤਾ, 28 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿਡਰਾਂਵਾਲ਼ਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਨੌਵੀਂ, ਦਸਵੀਂ, ਗਿਆਰਵੀਂ ਅਤੇ ਬਾਰਵੀਂ ਪੰਜਾਬ ਬੋਰਡ ਦੇ ਵਿਦਿਆਰੀਆਂ ਦਾ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਵਿਖੇ ਧਾਰਮਿਕ ਟੂਰ ਕਰਵਾਇਆ ਗਿਆ।ਇਸ ਦੌਰਾਨ ਵਿਦਿਆਰਥੀਆਂ ਨੂੰ ਬਾਬਾ ਬਕਾਲਾ ਸਾਹਿਬ ਦੇ ਸਾਰੇ ਇਤਿਹਾਸਿਕ ਗੁਰਦਵਾਰਿਆਂ ਦਰਸ਼ਨ ਕਰਵਾਏ ਗਏ।ਸਮੂਹ ਅਧਿਆਪਕ ਸਹਿਬਾਨਾਂ ਅਤੇ ਵਿਦਿਆਰਥੀਆਂ ਨੇ ਸਰਬੱਤ ਦੇ ਭਲੇ ਲਈ ਅਤੇ ਅਦਾਰੇ ਦੀ ਚੜਦੀਕਲਾ ਦੀ ਅਰਦਾਸ ਕੀਤੀ ।ਕਾਲਜ ਦੇ ਪ੍ਰਿੰਸੀਪਲ ਸ.ਗੁਰਦੀਪ ਸਿੰਘ ਜਲਾਲ ਉਸਮਾ ਨੇ ਇਸ ਅਸਥਾਨ ਦੇ ਇਤਿਹਾਸ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਅਤੇ ਇਸ ਉਪਰੰਤ ਸਮੂਹ ਸੰਗਤਾਂ ਨੇ ਲੰਗਰ ਛਕਿਆ। ਇਸ ਮੌਕੇ ਤੇ ਪ੍ਰਿੰਸੀਪਲ ਸਾਹਿਬ ਜੀ ਨੇ ਧਾਰਮਿਕ ਟੂਰ ਦੀ ਮਹੱਤਤਾ ਦਸਦਿਆਂ ਕਿਹਾ ਕੇ ਅਜੋਕੇ ਸਮੇਂ ਵਿੱਚ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਸਿੱਖ - ਗੁਰਦਵਾਰਿਆਂ ਦੇ ਦਰਸ਼ਨ ਕਰਨੇ ਅਤੇ ਸਿੱਖ ਕੌਮ ਇਤਿਹਾਸਿਕ ਪਿਛੋਕੜ ਨੂੰ ਜਾਣਨ ਲਈ ਟੂਰ ਬਹੁਤ ਹੀ ਮਹੱਤਵਪੂਰਨ ਹਨ। ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਬਾਣੀ ਨਾਲ ਜੋੜਨਾ ਬਹੁਤ ਜਰੂਰੀ ਹੈ। ਇਸ ਟੂਰ ਵਿੱਚ ਕਾਲਜ ਦੇ ਪ੍ਰਿੰ.ਸ.ਗੁਰਦੀਪ ਸਿੰਘ ਜਲਾਲ ਉਸਮਾ, ਮੈਡਮ ਕੁਲਦੀਪ ਕੌਰ, ਮਨਜੀਤ ਕੌਰ, ਕਿਰਨਬੀਰ ਕੌਰ, ਪੂਰਤੀ ਸ਼ਰਮਾ,ਗੁਰਵਿੰਦਰ ਕੌਰ,ਗੁਰਸ਼ਰਨਪ੍ਰੀਤ ਕੌਰ,ਰੁਪਿੰਦਰ ਕੌਰ, ਕੁਲਜੀਤ ਕੌਰ, ਸੁਪਰੀਤ ਕੌਰ, ਨਵਨੀਤ ਕੌਰ,ਕਾਬਲ ਸਿੰਘ ਪੁਰਬਾ ਆਦਿ ਵੀ ਸ਼ਾਮਿਲ ਸਨ।

## ਇੱਕ ਨਜ਼ਰ



# ਪਾਖੰਡੀ ਬਾਬੇ ਦੇ ਚੁੰਗਲ ਵਿੱਚ ਫਸੇ ਪਤੀ ਨੇ ਕੁੱਟ ਮਾਰ ਕਰਕੇ ਅੰਮ੍ਰਿਤਧਾਰੀ ਪਤਨੀ ਨੂੰ ਘਰੋਂ ਕੱਢਿਆ

### ਪਾਖੰਡੀ ਬਾਬਾ ਹੈ ਪੀੜਤ ਔਰਤ ਦਾ ਸਕਾ ਦਿਓਰ • ਪੀੜਤ ਔਰਤ ਨੇ ਐੱਸ.ਐੱਚ.ਓ. ਝੰਡੇਰ ਨੂੰ ਦਰਖਾਸਤ ਦੇ ਕੇ ਕੀਤੀ ਇਨਸਾਫ਼ ਦੀ ਮੰਗ

ਚੌਕ ਮਹਿਤਾ, 28 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)'– ਅੱਜ ਤੋਂ 35 ਸਾਲ ਪਹਿਲਾਂ ਪਿੰਡ ਕੋਹਾਲੀ ਦੇ ਮਰਹੂਮ ਕਰਨੈਲ ਸਿੰਘ ਦੀ ਪਿੰਡ ਕੋਟਲੀ ਸੱਕਾ ਦੇ ਗੁਰਦੀਪ ਸਿੰਘ ਨਾਲ ਵਿਆਹੀ ਤਿੰਨ ਨੌਜਵਾਨ ਪੁੱਤਰਾਂ ਦੀ ਅੰਮ੍ਰਿਤਧਾਰੀ ਮਾਂ ਸੁਖਵੰਤ ਕੌਰ ਨੂੰ ਉਸਦੇ ਪਤੀ ਤੇ ਪੁੱਤਰਾਂ ਨੇ ਪਾਖੰਡੀ ਬਾਬੇ ਕੁਲਬੀਰ ਸਿੰਘ ਦੇ ਕਹਿਣ 'ਤੇ ਬੁਰੀ ਤਰ੍ਹਾਂ ਕੁੱਟ ਮਾਰ ਕਰਕੇ ਘਰੋਂ ਕੱਢ ਦੇਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਉਸਨੇ ਇਹ ਵੀ ਕਿਹਾ ਕਿ ਬਾਬਾ ਕੋਲ ਖੜ ਕੇ ਉਸਨੂੰ ਕੁਟਵਾ ਰਿਹਾ ਸੀ ਅਤੇ ਕਹਿ ਰਿਹਾ ਸੀ ਕਿ ਉਸਨੂੰ ਰੱਬੀ ਹੁਕਮ ਆਇਆ ਹੈ ਕਿ ਹੁਣ ਇਸਨੂੰ ਆਪਣੇ ਘਰ ਵਿੱਚ ਨਹੀਂ ਰੱਖਣਾ।

ਆਵਾਜ਼ਿ ਕੌਮ AWAZE QAUM International Newspaper & WEB TV

ਜਿਕਰਯੋਗ ਹੈ ਕਿ ਪਾਖੰਡੀ ਬਾਬਾ ਕੋਈ ਹੋਰ ਨਹੀਂ ਸਗੋਂ ਪੀੜਤ ਔਰਤ ਦਾ ਸਕਾ ਦਿਉਰ ਹੈ, ਜੋ ਇਸਤੋਂ ਪਹਿਲਾਂ ਵੀ ਕਈ ਵਿਵਾਦਾਂ ਵਿੱਚ ਫਸਿਆ ਰਿਹਾ ਹੈ। ਸੁਖਵੰਤ ਕੌਰ ਨੇ ਦੱਸਿਆ ਕਿ ਉਸ ਦੇ ਆਪੇ ਬਾਬਾ ਬਣੇ ਦਿਉਰ ਨੇ ਘਰ ਵਿੱਚ ਸ੍ਰੀ ਗੁਰੂ ਗਰੰਥ ਸਾਹਿਬ ਦਾ ਪ੍ਰਕਾਸ਼ ਕੀਤਾ ਹੋਇਆ ਹੈ ਅਤੇ ਉਹ ਗੁਰੂ ਸਾਹਿਬ ਦੀ ਹਜੂਰੀ ਵਿੱਚ ਕਈ ਗਲਤ ਕੰਮ ਕਰਦਾ ਹੈ ਅਤੇ ਪਹਿਲਾਂ ਵੀ ਕਈ ਲੋਕਾਂ ਦੇ ਘਰ ਬਰਬਾਦ ਕਰ ਚੁੱਕਾ ਹੈ, ਕਿਉਂਕਿ ਬਹੁਤ ਸਾਰੀਆਂ ਬੀਬੀਆਂ ਉਸਦੀਆਂ ਚੇਲੀਆਂ ਹਨ, ਜਿਨਾਂ ਵਿੱਚੋਂ ਕਈਆਂ ਦੇ ਉਹ ਤਲਾਕ ਵੀ ਕਰਵਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਕੁਲਬੀਰ ਸਿੰਘ ਨੇ ਉਨ੍ਹਾਂ ਦੀ ਪੈਲੀ ਗਹਿਣੇ ਪਾ ਕੇ ਉਨ੍ਹਾਂ ਦੇ 5 ਲੱਖ ਰੁਪਏ ਹੜੱਪ ਲਏ ਹਨ, ਹੁਣ ਜਦੋਂ ਉਹ ਘਰ ਵਿੱਚ ਪੈਸਿਆਂ ਦੀ ਗੱਲ ਕਰਦੀ ਹੈ ਤਾਂ ਉਸਦੀ ਕੁੱਟ ਮਾਰ ਕੀਤੀ ਜਾਂਦੀ ਹੈ ਅਤੇ ਹੁਣ ਉਸਨੂੰ ਪੱਕੇ ਤੌਰ 'ਤੇ ਘਰੋਂ ਨਿਕਲ ਜਾਣ ਲਈ ਕਿਹਾ ਗਿਆ ਹੈ, ਕਿਉਂਕਿ ਉਸਦਾ ਪਤੀ ਅਤੇ ਤਿੰਨੇ ਪੁੱਤਰ ਵੀ ਬਾਬੇ ਦੇ ਚੁੰਗਲ ਵਿੱਚ ਫਸੇ ਹੋਏ ਹਨ। ਪੀੜਤ ਔਰਤ ਨੇ ਪੁਲਿਸ ਥਾਣਾ ਝੰਡੇਰ ਦੇ ਐੱਸ.ਐੱਚ.ਓ.ਨੂੰ ਦਰਖਾਸਤ ਦੇ ਕੇ ਇਨਸਾਫ਼ ਦੀ ਮੰਗ ਕੀਤੀ ਹੈ।

# ਜਸਕਰਨ ਸਿੰਘ ਸੰਧੂ ਨੇ ਸੋਸ਼ਲ ਮੀਡੀਆ ਇੰਨਚਾਰਜ ਬਣਨ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਦਾ ਕੀਤਾ ਧੰਨਵਾਦ

ਚੌਕ ਮਹਿਤਾ 28 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ) ਆਮ ਆਦਮੀ ਪਾਰਟੀ ਵੱਲੋਂ ਸ੍ਰ.ਜਸਕਰਨ



ਸਿੰਘ ਨੂੰ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦਾ ਸੋਸ਼ਲ ਮੀਡੀਆ ਇੰਚਾਰਜ ਲਗਾਇਆ ਹੈ। ਇਸ ਮੌਕੇ ਸ੍ਰ.ਜਸਕਰਨ ਸਿੰਘ ਸੰਧੂ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦਾ ਸੋਸ਼ਲ ਮੀਡੀਆ ਇੰਚਾਰਜ ਲਗਾਉਣ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਹਾਈਕਮਾਂਡ ਅਤੇ ਕੌਮੀ ਸੰਗਠਨ ਦੇ ਇੰਚਾਰਜ ਡਾ.ਸੰਦੀਪ ਪਾਠਕ ਤੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸ੍ਰ.ਭਗਵੰਤ ਸਿੰਘ ਮਾਨ ਜੀ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੇ ਉਚੇਚੇ ਤੌਰ ਤੇ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਸ੍ਰ.ਹਰਭਜਨ ਸਿੰਘ ਈ.ਟੀ.ਓ ਦਾ ਤਹਿਦਿਲੋਂ ਧੰਨਵਾਦ ਕੀਤਾ ਤੇ ਉਨ੍ਹਾਂ ਕਿਹਾ ਕਿ ਮੈ ਇੱਕ ਨਿਮਾਣਾ ਜਿਹਾ ਆਮ ਆਦਮੀ ਪਾਰਟੀ ਦਾ ਵਰਕਰ ਹਾਂ, ਅਤੇ ਆਮ ਆਦਮੀ ਪਾਰਟੀ ਨੇ ਮੈਨੂੰ ਬਹੁਤ ਵੱਡਾ ਮਾਣ ਬਖਸ਼ਿਆ ਹੈ। ਮੈ ਪਾਰਟੀ ਦਾ ਹਮੇਸ਼ਾ ਰੈਣੀ ਰਹਾਂਗਾ ਅਤੇ ਪਾਰਟੀ ਵੱਲੋਂ ਮੈਨੂੰ ਦਿੱਤੀ ਗਈ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ ਅਤੇ ਮੈਂ ਆਪਣੇ ਅਹੁਦੇ ਤੇ ਰਹਿ ਕੇ ਪਾਰਟੀ ਦੇ ਹਿੱਤਾਂ ਲਈ ਹੱਕ ਦੀ ਆਵਾਜ਼ ਬੁਲੰਦ ਕਰਾਂਗਾ।

# ਜਥੇ.ਸਵਰਨ ਹਰੀਪੁਰਾ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਨਿਯੁੱਕਤ



ਚੌਕ ਮਹਿਤਾ, 28 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ ) – ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਟਕਸਾਲੀ ਆਗੂ ਅਤੇ ਪਾਰਟੀ ਲਈ ਅਨੇਕਾਂ ਵਾਰ ਜ਼ੇਲ੍ਹ ਕੱਟਣ ਵਾਲੇ ਆਗੂ ਜਥੇ ਸਵਰਨ ਸਿੰਘ ਹਰੀਪੁਰਾ ਨੂੰ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਕੌਮੀ ਮੀਤ ਪ੍ਰਧਾਨ ਨਿਯੁੱਕਤ ਕੀਤਾ ਹੈ.ਜਥੇ. ਹਰੀਪੁਰਾ ਨੇ ਅਕਾਲੀ ਦਲ ਵੱਲੋਂ ਲਗਾਏ ਗਏ ਮੋਰਚਿਆਂ ਵਿੱਚ ਵੱਧ-ਚੜ੍ਹਕੇ ਹਿੱਸਾ ਲਿਆ ਅਤੇ ਪਾਰਟੀ ਵੱਲੋਂ ਦਿੱਤੇ ਜਾਂਦੇ ਪ੍ਰੋਗਰਾਮਾਂ ਵਿੱਚ ਅਪਣੇ ਸਾਥੀਆਂ ਨਾਲ ਵੱਧ ਤੋਂ ਵੱਧ ਸ਼ਮੂਲਿਅਤ ਕੀਤੀ।ਅਪਣੀ ਨਿਯੁੱਕਤੀ ਲਈ ਜਥੇ.ਹਰੀਪੁਰਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ,ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ, ਸਾਬਕਾ ਮੰਤਰੀ ਜਥੇ.ਗੁਲਜ਼ਾਰ ਸਿੰਘ ਰਣੀਕੇ, ਸਾਬਕਾ ਮੰਤਰੀ ਡਾ.ਦਲਜੀਤ ਸਿੰਘ ਚੀਮਾ,ਸ੍ਰ.ਬਾਦਲ ਦੇ ਓ.ਐਸ.ਡੀ ਚਰਨਜੀਤ ਸਿੰਘ ਬਰਾੜ ਅਤੇ ਜ਼ਿਲ੍ਹਾਂ ਅਕਾਲੀ ਜਥਾ ਅੰਮ੍ਰਿਤਸਰ ਸ਼ਹਿਰੀ ਦੇ ਪ੍ਰਧਾਨ ਸੁਰਜੀਤ ਸਿੰਘ ਪਹਿਲਵਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਸੇਵਾ ਨੂੰ ਉਹ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਦੀ ਚੜ੍ਹਦੀ ਕਲ੍ਹਾ ਲਈ ਰਾਤ ਦਿਨ ਇਕ ਕਰ ਦੇਣਗੇ ਉਨ੍ਹਾਂ ਕਿਹਾ ਕਿ ਪਾਰਟੀ ਦੀ ਲੋਕ ਸਭਾ ਚੋਣਾਂ ਵਿੱਚ ਜਿੱਤ ਦਿਵਾਉਣਾ ਉਨ੍ਹਾਂ ਦਾ ਸਭ ਤੋਂ ਪਹਿਲਾ ਟੀਚਾ ਹੋਵੇਗਾ ਅਤੇ ਪਾਰਟੀ ਲਈ ਕਿਸੇ ਵੀ ਕੁਰਬਾਨੀ ਕਰਨ ਤੋਂ ਉਹ ਪਿਛੇ ਨਹੀਂ ਹਟਨਗੇ।ਇਸ ਮੌਕੇ ਸੁਖਬੀਰ ਸਿੰਘ ਬਾਦਲ ਦੇ ਓ.ਐਸ.ਡੀ ਚਰਨਜੀਤ ਸਿੰਘ ਬਰਾੜ ਨੇ ਜਥੇ.ਹਰੀਪੁਰਾ ਨੂੰ ਨਿਯੁੱਕਤੀ ਪੱਤਰ ਦਿੱਤਾ।ਇਸ ਮੌਕੇ ਅਮਰਜੀਤ ਸਿੰਘ ਪੰਜਵੜ ਪ੍ਰਧਾਨ ਸਰਕਲ ਹਰੀਪੁਰਾ,ਇਕਬਾਲ ਸਿੰਘ,ਬਲਬੀਰ ਸਿੰਘ ਆਦਿ ਹਾਜ਼ਰ ਸਨ।

### ਤਰਨਜੀਤ ਸਿੰਘ ਸੰਧੂ ਦੀ ਮੌਜੂਦਗੀ 'ਚ ਵਾਲਮੀਕੀ ਸਮਾਜ ਦੇ ਨੌਜਵਾਨ ਆਗੂ

# ਵਿਕੀ ਚਵਿੰਡਾ ਦੇਵੀ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਿਲ

**■ ਮਜੀਠੇ 'ਚ ਕਿਸੇ ਦੀ ਵੀ ਬਦਮਾਸ਼ੀ ਨਹੀਂ ਚਲਣ ਦਿਆਂਗਾ: ਤਰਨਜੀਤ ਸਿੰਘ ਸੰਧੂ • ਸੰਧੂ ਸਮੁੰਦਰੀ ਨੇ ਵਾਲਮੀਕੀ ਸਮਾਜ ਨੂੰ ਸੰਬੋਧਿਤ ਹੁੰਦਿਆਂ ਕਿਹਾ ਕਿ ਅੰਮ੍ਰਿਤਸਰ ਜਿੱਥੇ ਭਗਵਾਨ ਵਾਲਮੀਕੀ ਜੀ ਦੀ ਕਰਮ ਭੂਮੀ ਹੈ...**






ਚੰਵਿੰਡਾ ਦੇਵੀ, ਕੱਥੂਨੰਗਲ, ਅੰਮ੍ਰਿਤਸਰ 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਹਲਕਾ ਮਜੀਠਾ ਦੇ ਕਸਬਾ ਚਵਿੰਡਾ ਦੇਵੀ ਵਿਖੇ ਵਾਲਮੀਕੀ ਸਮਾਜ ਦੇ ਨੌਜਵਾਨ ਆਗੂ ਵਿਕੀ ਚਵਿੰਡਾ ਦੇਵੀ ਵੱਲੋਂ ਆਯੋਜਿਤ ਇਕ ਚੋਣ ਰੈਲੀ ਦੌਰਾਨ ਪੇਂਡੂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸਲੀ ਪਿੰਡਾਂ ਦੇ ਸ਼ੇਰ ਤੁਸੀਂ ਹੋ। ਬੇਸ਼ੱਕ ਕੁਝ ਲੋਕ ਆਪਣੇ ਆਪ ਨੂੰ ਸ਼ੇਰ ਦਿਖਾਉਂਦੇ ਫਿਰਦੇ ਹਨ, ਉਨ੍ਹਾਂ ਦੇ ਭਰਮ ਭੁਲੇਖੇ ਜਲਦੀ ਦੂਰ ਕਰਦਿਆਂ ਗਿੱਦੜ ਬਣਾ ਦਿੱਤੇ ਜਾਣਗੇ। ਮੈਂ ਤੁਹਾਡੇ ਨਾਲ ਹਰ ਸਮਾਂ ਖੜ੍ਹਾ ਹਾਂ। ਕਿਸੇ ਤੋਂ ਡਰਨ ਦੀ ਲੋੜ ਨਹੀਂ। ਸਿਆਸੀ ਬਦਮਾਸ਼ੀ ਕਰਨ ਵਾਲਿਆਂ ਨੂੰ ਮੋਦੀ ਸਰਕਾਰ ਪੁੱਠਾ ਟੰਕਣ 'ਚ ਦੇਰ ਨਹੀਂ ਲਾਵੇਗੀ। ਇਸ ਮੌਕੇ ਵਾਲਮੀਕੀ ਸਮਾਜ ਦੇ ਨੌਜਵਾਨ ਆਗੂ ਵਿਕੀ ਚਵਿੰਡਾ ਦੇਵੀ ਅਤੇ ਸਾਥੀਆਂ ਨੇ ਭਾਜਪਾ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਸੰਧੂ ਨੇ ਵਿਕੀ ਚਵਿੰਡਾ ਦੇਵੀ ਨੂੰ ਸਨਮਾਨਿਤ ਕੀਤਾ ਅਤੇ ਪਾਰਟੀ ਵਿਚ ਸਵਾਗਤ ਕੀਤਾ ਅਤੇ ਬਣਦਾ ਮਾਣ ਸਨਮਾਨ ਦੇਣ ਦੀ ਗਲ ਕਹੀ। ਵਿਕੀ ਚਵਿੰਡਾ ਦੇਵੀ ਨੇ ਕਿਹਾ ਕਿ ਉਹ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਨੂੰ ਜੁਆਇਨ ਕਰ ਰਹੇ ਹਨ। ਉਹ ਅਤੇ ਉਸ ਦੇ ਸਾਥੀ ਤਨ ਮਨ ਧਨ ਨਾਲ ਪਾਰਟੀ ਦੀ ਸੇਵਾ ਕਰਨਗੇ। ਸੰਧੂ ਸਮੁੰਦਰੀ ਨੇ ਵਾਲਮੀਕੀ ਸਮਾਜ ਨੂੰ ਸੰਬੋਧਿਤ ਹੁੰਦਿਆਂ ਕਿਹਾ ਕਿ ਅੰਮ੍ਰਿਤਸਰ ਜਿੱਥੇ ਭਗਵਾਨ ਵਾਲਮੀਕੀ ਜੀ ਦੀ ਕਰਮ ਭੂਮੀ ਹੈ। ਜਿਨ੍ਹਾਂ ਨੇ ਸਿੱਖਿਆ ਦੀ ਨੀਂਹ ਰੱਖੀ, ਇਕ ਖ਼ਾਸ ਦਾ ਮਾਡਲ ਦਿੱਤਾ, ਜਿਸ ਤੋਂ ਸਿੱਖਿਆ ਲੈ ਕੇ ਸ੍ਰੀ ਰਾਮ ਦੇ ਪੁੱਤਰ ਸ਼ਕਤੀਸ਼ਾਲੀ ਬਣੇ। ਅੱਜ ਫਿਰ ਇਸ ਧਰਤੀ ਨੂੰ ਸਿੱਖਿਆ ਦੇ ਖੇਤਰ ਵਿਚ ਮੋਹਰਲੀਆਂ ਕਤਾਰਾਂ ਵਿਚ ਲਿਆਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ ਅਤੇ ਚਵਿੰਡਾ ਦੇਵੀ ਵਿਖੇ ਖੇਡ ਸਟੇਡੀਅਮ ਅਤੇ ਹੋਰ ਵਿਕਾਸ ਕਾਰਜ ਕਰਾਏ ਜਾਣਗੇ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਅਤੇ ਮਜੀਠਾ ਵਿਚ ਅਮਨ ਕਾਨੂੰਨ ਦੀ ਸਥਿਤੀ ਦਿਨ ਬ ਦਿਨ ਖ਼ਰਾਬ ਹੋ ਰਹੀ ਹੈ। ਜਿੱਥੇ ਵੀ ਭਾਜਪਾ ਦੀਆਂ ਸਰਕਾਰਾਂ ਹਨ ਉੱਥੇ ਅਮਨ ਕਾਨੂੰਨ ਦੀ ਕੋਈ ਸਮੱਸਿਆ ਨਹੀਂ ਹੈ। ਧੀਆਂ ਭੈਣਾਂ ਸੜਕ 'ਤੇ ਦੇਰ ਰਾਤ ਤਕ ਵੀ ਸੁਰੱਖਿਅਤ ਹਨ। ਪਰ ਇਥੇ ਗੈਂਗਵਾਰ, ਲੁੱਟਾਂ ਖੋਹਾਂ ਅਤੇ ਕਤਲ ਦੇ ਕਿਸੇ ਆਮ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੋਈ ਵਾਅਦਾ ਪੂਰਾ ਨਹੀਂ ਕੀਤਾ। 7 ਸਾਲ ਤੋਂ ਮੈਂਬਰ ਪਾਰਲੀਮੈਂਟ ਨੇ ਵਿਕਾਸ ਵਲ ਧਿਆਨ ਨਹੀਂ ਦਿੱਤਾ। ਭਾਰਤ ਦੇ ਸ਼ਹਿਰ ਕਿਥੋਂ ਦੇ ਕਿਥੇ ਪਹੁੰਚ ਗਏ ਹਨ। ਉਨ੍ਹਾਂ ਕਿਹਾ ਕਿ ਇਥੇ ਨਾ ਚੰਗੀਆਂ ਨੌਕਰੀਆਂ ਹਨ, ਨਾ ਰੁਜ਼ਗਾਰ ਦੇ ਮੌਕੇ ਹਨ। ਭਾਰਤ 'ਚ ਨੌਕਰੀਆਂ ਆ ਰਹੀਆਂ ਹਨ। ਪਰ ਸਾਡੇ ਬਚਿਆਂ ਨੂੰ ਨਹੀਂ ਮਿਲ ਰਹੀਆਂ ਹਨ। ਅੰਮ੍ਰਿਤਸਰ ਵਿਚ ਕੋਈ ਵੀ ਵੱਡੀ ਫ਼ੈਕਟਰੀ ਨਹੀਂ ਲਗ ਰਹੀ ਹੈ। ਪਿੰਡਾਂ ਦਾ ਵਿਕਾਸ ਨਹੀਂ ਹੋ ਰਿਹਾ। ਪੀਣ ਲਈ ਪਾਣੀ ਨੂੰ ਲੋਕ ਤਰਸ ਰਹੇ ਹਨ ਤਾਂ ਸੀਵਰੇਜ ਦਾ ਪਾਣੀ ਉੱਛਲ ਰਿਹਾ ਹੈ। ਬਚੇ ਨਸ਼ਿਆਂ ਨਾਲ ਖ਼ਤਮ ਹੋ ਰਹੇ ਹਨ। ਸੰਧੂ ਸਮੁੰਦਰੀ ਨੇ ਕਿਹਾ ਕਿ ਚੰਗੀ ਸਿੱਖਿਆ, ਸਿਹਤ ਸਹੂਲਤਾਂ, ਗ.ਰੀਬ ਅਤੇ ਲੋੜਵੰਦਾਂ ਲਈ ਸਹੂਲਤਾਂ ਦਿਵਾਉਣ ਲਈ ਭਾਜਪਾ ਨੂੰ ਵੋਟ ਕਰਨੀ ਹੋਵੇਗੀ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੀਆਂ ਨਲਾਇਕੀਆਂ ਕਾਰਨ ਕੇਂਦਰੀ ਸਕੀਮਾਂ ਲੋਕਾਂ ਤਕ ਨਹੀਂ ਪਹੁੰਚ ਰਹੀਆਂ। ਪਰ ਹੁਣ ਕੇਂਦਰੀ ਸਕੀਮਾਂ ਦਾ ਲਾਭ ਸਿਧਾ ਤੁਹਾਡੇ ਖਾਤੇ ਵਿਚ ਪਹੁੰਚਣਗੀਆਂ। ਇੱਥੋਂ ਦੇ ਨੌਜਵਾਨਾਂ ਨੂੰ ਨੀਮ ਫ਼ੌਜੀ ਦਲਾਂ ਵਿਚ ਭਰਤੀ ਕਰਾਏ ਜਾਣਗੇ। ਉਨ੍ਹਾਂ ਕਿਹਾ ਕਿ ਹਾਲੇ ਬਹੁਤ ਦੇਰੀ ਨਹੀਂ ਹੋਈ ਹੈ। ਭਾਜਪਾ ਇਹ ਸਭ ਕਰ ਸਕਦੀ ਹੈ। ਪ੍ਰੈੱਸ ਨਾਲ ਗਲ ਕਰਦਿਆਂ ਉਨ੍ਹਾਂ ਕਿਹਾ ਕਿ ਪਿੰਡ ਦੀ ਮੁਸ਼ਕਲਾਂ ਤੁਸੀਂ ਆਪ ਹੀ ਦੇਖ ਸਕਦੇ ਹੋ, ਲੋਕਾਂ ਨੂੰ ਕੇਂਦਰ ਵੱਲੋਂ ਜਿਹੜੇ ਲਾਭ ਦਿੱਤੇ ਜਾ ਰਹੇ ਹਨ, ਉਹਨਾਂ ਤਕ ਨਹੀਂ ਪਹੁੰਚਦੇ। ਐਦਕਾਂ ਲੋਕ ਸਭਾ ਦੀਆਂ ਇਲੈਕਸ਼ਨਾਂ 'ਚ ਇਹ ਕਾਫ਼ੀ ਕਲੀਅਰ ਲੱਗਦਾ ਆ ਕਿ ਅੰਮ੍ਰਿਤਸਰ ਦੀ ਡਿਵੈਲਪਮੈਂਟ ਲਈ ਲੋਕ ਭਾਜਪਾ ਨੂੰ ਵੋਟ ਪਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਮਾਤਾ ਚਵਿੰਡਾ ਦੇਵੀ ਮੰਦਰ ਵਿਖੇ ਮੱਥਾ ਟੇਕਿਆ

**■ ਪ੍ਰਧਾਨ ਮੰਤਰੀ ਮੋਦੀ ਨੇ ਅਯੁੱਧਿਆ ਵਿੱਚ ਰਾਮ ਮੰਦਰ ਦੀ ਉਸਾਰੀ ਕਰਵਾ ਕੇ ਸਭ ਦਾ ਦਿਲ ਜਿੱਤ ਲਿਆ ਹੈ: ਤਰਨਜੀਤ ਸਿੰਘ ਸੰਧੂ ਸਮੁੰਦਰੀ**




ਅੰਮ੍ਰਿਤਸਰ, 28 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੱਜ ਪ੍ਰਾਚੀਨ ਅਤੇ ਇਤਿਹਾਸਕ ਮਾਤਾ ਚਵਿੰਡਾ ਦੇਵੀ ਮੰਦਰ ਵਿਖੇ ਮੱਥਾ ਟੇਕਿਆ ਅਤੇ ਪੰਜਾਬ ਦੀ ਅਮਨ ਸ਼ਾਂਤੀ, ਭਾਈਚਾਰਕ ਸਾਂਝ ਦੀ ਮਜ਼ਬੂਤੀ,ਅੰਮ੍ਰਿਤਸਰ ਦੀ ਤਰੱਕੀ ਤੇ ਪੰਜਾਬੀਆਂ ਦੀ ਖ਼ੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੂੰ ਮੰਦਰ ਦੇ ਪੁਜਾਰੀ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀ ਚੜ੍ਹ ਦੀ ਕਲਾ ਅਤੇ ਲੋਕ ਸਭਾ 'ਚ ਜਿੱਤ ਲਈ ਪ੍ਰਾਰਥਨਾ ਕੀਤੀ ਗਈ। ਇਸ ਮੌਕੇ ਸੰਧੂ ਨਾਲ ਹਲਕਾ ਮਜੀਠਾ ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ, ਰਾਜਬੀਰ ਸ਼ਰਮਾ, ਵਿਕੀ ਚਵਿੰਡਾ ਦੇਵੀ ਅਤੇ ਸੂਬਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਵੀ ਮੌਜੂਦ ਸਨ। ਇਸ ਮੌਕੇ ਸੰਗਤ ਨੇ ਤਰਨਜੀਤ ਸਿੰਘ ਸੰਧੂ ਦਾ ਮੰਦਰ ਵਿਚ ਪਹੁੰਚਣ 'ਤੇ ਜ਼ੋਰਦਾਰ ਸਵਾਗਤ ਕੀਤਾ। ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਧਾਰਮਿਕ ਅਸਥਾਨ ਸਾਡੀ ਸ਼ਰਧਾ ਦਾ ਕੇਂਦਰ ਅਤੇ ਅਧਿਆਤਮਕ ਸ਼ਕਤੀ ਦਾ ਸੋਮਾ ਹਨ। ਇਹ ਸਾਨੂੰ ਸਾਡੀ ਸੰਸਕ੍ਰਿਤੀ ਤੇ ਮਹਾਂ ਸ਼ਕਤੀ ਨਾਲ ਜੋੜੀ ਰੱਖਣ ਤੋਂ ਇਲਾਵਾ ਸਮੂਹ ਭਾਈਚਾਰਿਆਂ ਲਈ ਸ਼ਾਂਤੀ ਤੇ ਏਕਤਾ ਬਣਾਈ ਰੱਖਣ ਦੀ ਪ੍ਰੇਰਣਾ ਦਿੰਦਾ ਹੈ। ਹਰ ਵਾਰ ਪਰਮ, ਸਰਵਉੱਚ ਸੱਤਾ ਨੂੰ ਨਿਮਨ ਕਰਕੇ ਅਪਾਰ ਸ਼ਕਤੀ ਤੇ ਸੰਤੁਸ਼ਟੀ ਪ੍ਰਾਪਤ ਹੁੰਦੀ ਹੈ। ਸਾਡੀਆਂ ਪਰੰਪਰਾਵਾਂ ਸਾਨੂੰ ਨਕਾਰਾਤਮਿਕ ਰੁਝਾਨਾਂ ਨੂੰ ਤਿਆਗ ਕੇ ਸਮਾਜ ਨੂੰ ਹੋਰ ਬਿਹਤਰ ਬਣਾਉਣ ਲਈ ਕੰਮ ਕਰਨ 'ਤੇ ਜ਼ੋਰ ਦਿੰਦੀਆਂ ਹਨ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਅਯੁੱਧਿਆ ਵਿਚ ਰਾਮ ਮੰਦਰ ਬਣਾਉਣ ਨਾਲ ਰਾਮ ਮੰਦਰ ਬਣਾਉਣ ਦਾ 500 ਸਾਲ ਪੁਰਾਣਾ ਸੰਕਲਪ ਪੂਰਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਵਿਸ਼ਵਾਸ ਦੀਆਂ ਪ੍ਰਾਚੀਨ ਵਿਰਾਸਤਾਂ ਨੂੰ ਮੁੜ ਸੁਰਜੀਤ ਕਰਨ ਲਈ ਸ਼੍ਰੀ ਕਾਸ਼ੀ ਵਿਸ਼ਵਾਨਾਥ ਮੰਦਰ, ਸ੍ਰੀ ਉਜੈਨ ਮਹਾਂਕਾਲ ਮੰਦਰ ਅਤੇ ਸ੍ਰੀ ਕੇਦਾਰਨਾਥ ਮੰਦਰ ਦਾ ਨਵੀਨੀਕਰਨ ਕੀਤਾ ਗਿਆ।। ਉਨ੍ਹਾਂ ਕਿਹਾ ਕਿ ਸੂਬੇ ਦੀ ਬਹੁਪੱਖੀ ਉਲਝਣ ਨੂੰ ਸੁਲਝਾਉਣ ਦੀ ਸਮਰੱਥਾ ਕੇਵਲ ਭਾਜਪਾ ਕੋਲ ਹੈ। ਇਸ ਮੌਕੇ ਨਿਰਮਲ ਬਾਕਸਰ, ਪ੍ਰਗਟ ਸਿੰਘ, ਸਤਪਾਲ ਸੋਨੂੰ, ਲਖਵਿੰਦਰ ਸਿੰਘ, ਸੁਖਦੇਵ ਸਿੰਘ, ਵਿਨੋਦ ਕੁਮਾਰ ਮੰਡਲ ਪ੍ਰਧਾਨ, ਰਜਤ ਭੰਡਾਰੀ, ਸੰਨੀ ਬਾਵਾ, ਬੀਬੀ ਅਮਰਜੀਤ ਕੌਰ, ਸੋਨੂੰ ਰਾਮਦਿਵਾਲੀ, ਸਮਾ ਪਹਿਲਵਾਨ, ਬਲਜਿੰਦਰ ਅਲਕੜੇ, ਹਰਪਾਲ ਭੋਆ, ਸੁਖ ਤਲਵੰਡੀ, ਬਲਬੀਰ ਸਿਧਵਾਂ, ਸਿਵਪ੍ਰੀਤ ਉਦੋਕੇ, ਭੀਮ ਜੋਧਾ ਨਗਰੀ, ਰੇਸ਼ਮ ਭੋਆ, ਦਿਲਬਾਗ ਸਿੰਘ ਤਲਵੰਡੀ, ਕੁਲਜੀਤ , ਕਰਨਦੀਪ ਸਿੰਘ, ਅਕਾਸ਼ਦੀਪ ਤਲਵੰਡੀ ਤੇ ਨਿਰਮਲ ਸਿੰਘ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਅਵਤਾਰ ਪੁਰਬ 'ਤੇ ਵਿਸ਼ੇਸ਼

# ਸ੍ਰੀ ਗੁਰੂ ਤੇਗ ਬਹਾਦਰ ਜੀ

ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਜਨਮ ਛੇਵੇਂ ਗੁਰੂ ਹਰਿਗੋਬਿੰਦ ਜੀ ਦੇ ਘਰ ਮਾਤਾ ਨਾਨਕੀ ਜੀ ਦੀ ਕੁੱਖੋਂ ਸੰਨ 1621 ਈ. (ਵਿਸਾਖ ਵਦੀ 5, 1678 ਬਿ.) ਨੂੰ ਅੰਮ੍ਰਿਤਸਰ ਵਿਚ ਹੋਇਆ ।ਇਹ ਸਥਾਨ ਗੁਰੂ ਬਜ਼ਾਰ ਦੇ ਨਾਲ ਹੈ ,ਜਿੱਥੇ ਅਜਕਲ ਗੁਰੁਆਰਾ ਗੁਰੂ ਕੇ ਮਹਿਲ ਸੁਸ਼ੋਭਿਤ ਹੈ। ਆਪ ਦਾ ਵਿਆਹ ਕਰਤਾਰਪੁਰ ਦੇ ਨਿਵਾਸੀ ਭਾਈ ਲਾਲ ਚੰਦ ਦੀ ਸੁਪੁੱਤਰੀ ਗੁਜਰੀ ਨਾਲ ਸੰਨ 1632 ਈ. (15 ਅਸੂ, 1689 ਬਿ.) ਵਿਚ ਹੋਇਆ ।ਆਪ ਨੇ ਜਲੰਧਰ ਲਾਗੇ ਕਰਤਾਰ ਵਿੱਖੇ ਹੋਈ ਲੜਾਈ ਜੋ ਪਹਿਲੀ ਜੇਠ ਬਿ:1692 (1635 ਈ.) ਨੂੰ ਹੋਈ ਵਿਚ ਐਸੇ ਜੌਹਰ ਵਿਖਾਏ ਕਿ ਆਪ ਜੀ ਦਾ ਨਾਂ ਤੇਗ ਮਲ ਤੋਂ ਤੇਗ ਬਹਾਦਰ ਪ੍ਰਸਿੱਧ ਹੋ ਗਿਆ ।ਸੰਨ 1644 ਈ. ਵਿਚ ਆਪ ਆਪਣੀ ਪਤਨੀ ਅਤੇ ਮਾਤਾ ਸਹਿਤ ਬਕਾਲਾ ਪਿੰਡ ਵਿਚ ਆ ਵਸੇ ਜੋ ਸਮਾਂ ਪਾ ਕੇ ਆਪ ਦੇ ਨਾਂ 'ਤੇ 'ਬਾਬਾ ਬਕਾਲਾ' ਕਰਕੇ ਪ੍ਰਸਿੱਧ ਹੋਇਆ ।ਆਪ ਦੇ ਪਿਤਾ ਗੁਰੂ ਹਰਿਗੋਬਿੰਦ ਜੀ ਤੋਂ ਬਾਦ ਗੁਰੂ ਹਰਿਰਾਇ ਜੀ ਅਤੇ ਗੁਰੂ ਹਰਿਕ੍ਰਿਸ਼ਨ ਜੀ ਕ੍ਰਮਵਾਰ ਸੱਤਵੇਂ ਅਤੇ ਅੱਠਵੇਂ ਗੁਰੂ ਬਣੇ ।ਬਾਲ-ਕਾਲ ਵਿਚ ਜੋਤੀ -ਜੋਤਿ ਸਮਾਉਣ ਕਾਰਨ ਅੱਠਵੇਂ ਗੁਰੂ ਨੇ ਗੁਰੂ-ਗੱਦੀ ਦੇ ਉਤਰਾਧਿਕਾਰੀ ਬਾਰੇ ਕੇਵਲ 'ਬਾਬਾ ਬਕਾਲੇ' ਸ਼ਬਦ ਕਹੇ ।ਇਸ ਅਸਪੱਸ਼ਟ ਸੰਕੇਤ ਕਾਰਨ ਗੱਦੀ ਦੇ ਕਈ ਦਾਵੇਦਾਰ ਖੜੇ ਹੋ ਗਏ ।ਆਖ਼ਰ ਭਾਈ ਮੱਖਣ ਸ਼ਾਹ ਲੁਬਾਣਾ ਨੇ ਆਪਣੀ ਮੰਨਤ ਭੇਟਾ ਕਰਨ ਲਈ ਸੂਖਮ ਦ੍ਰਿਸ਼ਟੀ ਨਾਲ 22 ਅਖੌਤੀ ਗੱਦੀਆਂ ਵਿਚੋਂ ਸਚੇ ਗੁਰੂ ਨੂੰ ਲਭ ਲਿਆ ।ਇਸ ਤਰ੍ਹਾਂ ਆਪ 20 ਮਾਰਚ 1665 ਈ. (ਚੇਤ ਸੁਦੀ 14, 1722 ਬਿ.) ਨੂੰ 43 ਵਰ੍ਹਿਆਂ ਦੀ ਉਮਰ ਵਿਚ ਗੁਰੂ-ਗੱਦੀ ਉਤੇ ਬੈਠੇ । ਉਪਰੰਤ ਆਪ ਕਈ ਗੁਰੂ-ਧਾਮਾਂ ਦੀ ਯਾਤ੍ਰਾ ਕਰਦੇ ਹੋਏ ਕੀਰਤਪੁਰ ਪਹੁੰਚੇ ।ਕੁਝ ਸਮਾਂ ਉੱਥੇ ਟਿਕੇ ਅਤੇ ਫਿਰ ਨੈਣਾ ਦੇਵੀ ਦੇ ਨੇੜੇ ਸਤਲੁਜ ਨਦੀ ਦੇ ਕੰਢੇ, ਮਾਖੋਵਾਲ ਪਿੰਡ ਦੀ ਧਰਤੀ ਪਹਾੜੀ ਰਾਜਿਆਂ ਤੋਂ ਖ਼ਰੀਦ ਕੇ ਸੰਨ 1666 ਈ. (ਸੰਨ 1723 ਬਿ.) ਵਿਚ ਆਨੰਦਪੁਰ ਦੀ ਸਥਾਪਨਾ ਕੀਤੀ ਜੋ ਬਾਦ ਵਿਚ ਖ਼ਾਲਸੇ ਦੀ ਜਨਮ-ਭੂਮੀ ਵਜੋਂ ਪ੍ਰਸਿੱਧ ਹੋਈ। ਇਸ ਤੋਂ ਬਾਦ ਆਪ ਧਰਮ-ਪ੍ਰਚਾਰ ਲਈ ਯਾਤ੍ਰਾ ਉਤੇ ਨਿਕਲ ਪਏ ਅਤੇ ਮਾਲਵਾ ਤੇ ਬਾਂਗਰ ਖੇਤਰਾਂ ਵਿਚੋਂ ਹੁੰਦੇ ਹੋਏ ਅਹੀਆਪੁਰ (ਅਲਾਹਾਬਾਦ) ਪਹੁੰਚੇ ਅਤੇ ਫਿਰ ਉੱਥੋਂ ਬਨਾਰਸ, ਪਟਨਾ ਅਤੇ ਗਯਾ ਆਦਿ ਥਾਂਵਾਂ ਉੱਤੇ ਗਏ ।ਪਰਿਵਾਰ ਨੂੰ ਪਟਨੇ ਛਡ ਕੇ ਉੱਥੋਂ ਪਹਿਲਾਂ ਬੰਗਾਲ ਵਲ ਗਏ ਅਤੇ ਕੁਝ ਸਮੇਂ ਲਈ ਢਾਕੇ ਵਿਚ ਵੀ ਰਹੇ ।ਆਪ ਦੇ ਪਿਛੋਂ ਪਟਨਾ ਵਿਚ ਬਾਲਕ ਗੋਬਿੰਦ ਰਾਇ (ਗੁਰੂ ਗੋਬਿੰਦ ਸਿੰਘ ਜੀ) ਦਾ 22 ਦਸੰਬਰ 1666 ਈ. (ਪੋਹ ਸੁਦੀ ਸਪਤਮੀ, 1723 ਬਿ.) ਨੂੰ ਜਨਮ ਹੋਇਆ ।ਆਪ ਜੋਧਪੁਰ ਦੇ ਰਾਜਾ ਰਾਮ ਸਿੰਘ ਨਾਲ ਅਸਾਮ ਦੀ ਮੁਹਿੰਮ ਉਤੇ ਚਲੇ ਗਏ ਅਤੇ ਉੱਥੋਂ ਦਾ ਸਾਰਾ ਮਾਮਲਾ, ਰਾਸ਼ਟਰੀ-ਹਿਤਾਂ ਨੂੰ ਮੁਖ ਰਖਦਿਆਂ, ਸ਼ਾਂਤੀ-ਪੂਰਵਕ ਹਲ ਕੀਤਾ ।ਉੱਥੋਂ ਵਾਪਸ ਆ ਕੇ ਕੁਝ ਸਮਾਂ ਆਪ ਪਟਨਾ ਨਗਰ ਵਿਚ ਟਿਕੇ ਅਤੇ ਫਿਰ ਪਰਿਵਾਰ ਨੂੰ ਉਥੇ ਛਡ ਕੇ ਸੰਨ 1668 ਈ. ਵਿਚ ਆਨੰਦਪੁਰ ਪਰਤ ਆਏ ।ਸੰਨ 1672 ਈ. ਵਿਚ ਪਟਨੇ ਤੋਂ ਆਪਣੇ ਪਰਿਵਾਰ ਨੂੰ ਵੀ ਉੱਥੇ ਸੱਦ ਲਿਆ ।ਕੁਝ ਵਰ੍ਹੇ ਆਪ ਆਨੰਦਪੁਰ ਵਿਚ ਧਰਮ-ਪ੍ਰਚਾਰ ਕਰਦੇ ਰਹੇ ।ਇਸੇ ਦੌਰਾਨ ਔਰੰਗਜ਼ੇਬ ਬਾਦਸ਼ਾਹ ਨੇ ਹਿੰਦੂਆਂ ਨੂੰ ਸਮੂਹਿਕ ਤੌਰ 'ਤੇ ਮੁਸਲਮਾਨ ਬਣਾਉਣ ਦੀ ਯੋਜਨਾ ਨੂੰ ਸਭ ਤੋਂ ਪਹਿਲਾਂ ਕਸ਼ਮੀਰ ਵਿਚ ਲਾਗੂ ਕਰਨ ਦਾ ਯਤਨ ਕੀਤਾ ।ਫਲਸਰੂਪ ਕਸ਼ਮੀਰ ਦੇ ਬ੍ਰਾਹਮਣ ਆਪਣੇ ਧਰਮ ਦੀ ਰਖਿਆ ਲਈ ਆਪ ਦੀ ਸ਼ਰਣ ਵਿਚ ਆਏ ਅਤੇ ਸੰਨ 1675 ਈ. ਵਿਚ ਉਨ੍ਹਾਂ ਦੇ ਧਾਰਮਿਕ ਸੰਕਟ ਨੂੰ ਖ਼ਤਮ ਕਰਨ ਲਈ ਕੁਝ ਸਿੱਖ-ਸੇਵਕਾਂ ਨੂੰ ਨਾਲ ਲੈ ਕੇ ਆਪ ਦਿੱਲੀ ਵਲ ਚਲ ਪਏ ।ਯਾਤ੍ਰਾ ਦੌਰਾਨ ਆਪ ਕਈ ਨਗਰਾਂ/ ਉਪਨਗਰਾਂ ਵਿਚ ਠਹਿਰੇ ਅਤੇ ਧਰਮ ਪ੍ਰਤਿ ਦ੍ਰਿੜ੍ਹਤਾ ਦਾ ਪ੍ਰਚਾਰ ਕਰਦੇ ਰਹੇ ।ਦਿੱਲੀ ਪਹੁੰਚਣ ਤੋਂ ਪਹਿਲਾਂ ਆਪ ਨੂੰ ਆਗਰੇ ਵਿਚ ਬੰਦੀ ਬਣਾ ਲਿਆ ਗਿਆ ।ਬਾਦਸ਼ਾਹ ਵਲੋਂ ਮੁਸਲਮਾਨ ਬਣਨ ਦੀ ਹਰ ਪ੍ਰਕਾਰ ਦੀ



ਪੇਸ਼ਕਸ਼ ਨੂੰ ਆਪ ਨੇ ਠੁਕਰਾ ਦਿੱਤਾ ।ਬਾਦਸ਼ਾਹ ਨੇ ਆਪ ਨੂੰ 11 ਨਵੰਬਰ 1675 ਈ. (ਮਘਰ ਸੁਦੀ 5, 1732 ਬਿ.) ਨੂੰ ਦਿੱਲੀ ਵਿਚ ਕੋਤਵਾਲੀ ਦੇ ਨੇੜੇ ਗੁਰਦੁਆਰਾ ਸੀਸਗੰਜ ਵਾਲੇ ਸਥਾਨ ਉਤੇ ਸ਼ਹੀਦ ਕਰ ਦਿੱਤਾ । ਭਾਈ ਲੱਖੀ ਸ਼ਾਹ ਨੇ ਆਪਣੇ ਤਿੰਨ ਪੁਤਰਾਂ ਨਿਗਾਹੀਆ ,ਹੇਮਾ,ਹਾੜ੍ਹੀ ਤੇ ਚੌਥੇ ਸਿੱਖ ਭਾਈ ਧੂਮਾ ਦੀ ਮਦਦ ਨਾਲ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਧੜ ਨੂੰ ਆਪਣੇ ਰੂੰ ਵਾਲੇ ਗੱਡੇ ਵਿਚ ਲੁਕਾ ਕੇ ਆਪਣੇ ਘਰ ਪਿੰਡ ਰਾਇਨਸੀਨਾ ਲੈ ਆਦਾ ਤੇ ਘਰ ਨੂੰ ਅੱਗ ਲਾ ਕੇ ਸਸਕਾਰ ਕਰ ਦਿੱਤਾ ।ਇਸ ਸਥਾਨ ਉਤੇ ਹੁਣ ਗੁਰਦੁਆਰਾ ਰਕਾਬਗੰਜ (ਨਵੀਂ ਦਿੱਲੀ) ਬਣਿਆ ਹੋਇਆ ਹੈ ।ਆਪ ਦੇ ਸੀਸ ਨੂੰ ਚਾਦਰ ਵਿਚ ਲਪੇਟ ਕੇ ਭਾਈ ਜੈਤਾ ਆਨੰਦਪੁਰ ਪਹੁੰਚਿਆ ਜਿਥੇ ਬਾਲਕ ਗੋਬਿੰਦ ਰਾਇ ਨੇ ਬੜੇ ਸਤਿਕਾਰ ਨਾਲ ਉਸ ਦਾ ਸਸਕਾਰ ਕੀਤਾ ।ਇਸ ਸਦ-ਉਦਮ ਕਾਰਨ ਇਤਿਹਾਸ ਵਿਚ ਭਾਈ ਜੈਤਾ ਨੂੰ 'ਗੁਰੂ ਕਾ ਬੇਟਾ' ਅਖਵਾਉਣ ਦਾ ਸਨਮਾਨ ਪ੍ਰਾਪਤ ਹੋਇਆ ।'ਬਚਿਤ੍ਰ ਨਾਟਕ' ਵਿਚ ਆਪ ਦੇ ਮਹਾਂ-ਬਲਿਦਾਨ ਦੀ ਘਟਨਾ ਬਾਰੇ ਲਿਖਿਆ ਹੈ:


ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭੁਪੁਰ ਕੀਯਾ ਪਯਾਨ ।ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ ।ਆਪ ਕੁਲ 10 ਵਰ੍ਹੇ, 7 ਮਹੀਨੇ ਅਤੇ 18 ਦਿਨ ਗੁਰੂ-ਗੱਦੀ ਉਤੇ ਬਿਰਾਜਮਾਨ ਰਹੇ ।ਆਪ ਦੀ ਸ਼ਹਾਦਤ ਤੋਂ ਬਾਦ ਆਪ ਦੇ ਸੁਪੁੱਤਰ ਗੋਬਿੰਦ ਰਾਇ ਜੀ ਗੁਰੂ-ਗੱਦੀ ਉਤੇ ਬੈਠੇ, ਜਿਨ੍ਹਾਂ ਨੇ ਕੌਮ ਨੂੰ ਇਕ ਨਵੀਂ ਸੇਧ ਦਿੱਤੀ । ਏਥੇ ਵਰਨਯੋਗ ਹੈ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਦ੍ਰਿੜਤਾ ਨੂੰ ਵੇਖਦੇ ਹੋਇ ਸ਼ਹਾਦਤ ਤੋਂ ਇਕ ਦਿਨ ਪਹਿਲਾਂ 10 ਨਵੰਬਰ 1675 ਈ. ਨੂੰ ਆਪ ਜੀ ਦੇ ਤਿੰਨ ਸਿੱਖਾਂ ਨੂੰ ਸਖ਼ਤ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ ।ਭਾਈ ਮਤੀਦਾਸ ਜੀ ਨੂੰ ਆਰੇ ਨਾਲ ਚੀਰ ਕੇ ਸ਼ਹੀਦ ਕੀਤਾ ਗਿਆ ।ਭਾਈ ਸਤੀ ਦਾਸ ਜੀ ਨੂੰ ਰੂੰ ਵਿਚ ਲਪੇਟ ਕੇ ਸਾੜ ਕੇ ਸ਼ਹੀਦ ਕੀਤਾ ਗਿਆ। ਭਾਈ ਦਿਆ ਦਾਸ ਜੀ ਨੂੰ ਉਬਲਦੀ ਦੇਗ ਵਿਚ ਪਾ ਕੇ ਸ਼ਹੀਦ ਕੀਤਾ ਗਿਆ ।ਪਰ ਆਪ ਜੀ ਅਡੋਲ ਰਹੇ। ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਲਿਖੇ ਹੋਏ 59 ਸ਼ਬਦ ਅਤੇ 57 ਸਲੋਕ ਹਨ। ਸਲੋਕ ਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਤ ਵਿੱਚ ਦਰਜ ਹਨ ।ਸ਼ਬਦ 15 ਰਾਗਾਂ ਵਿੱਚ ਹਨ ।ਗਉੜੀ ਰਾਗ ਵਿਚ 9, ਤਿਲੰਗ 3, ਆਸਾ 1, ਬਿਲਾਵਲ 3, ਦੇਵਗੰਧਾਰੀ 3, ਬਿਹਾਗੜਾ 1, ਮਾਰੂ 3, ਸੋਰਠ 12, ਬਸੰਤ 5, ਧਨਾਸਰੀ 4, ਸਾਰੰਗ 4, ਰਾਮਕਲੀ 3, ਜੈਤਸਰੀ 3, ਜੈਜਾਵੰਤੀ 4, ਟੋਡੀ 1 ਜੋੜ =59 ।ਇੱਥੇ ਵਰਨਣਯੋਗ ਹੈ ਕਿ ਜੈਜਾਵੰਤੀ ਰਾਗ ਸਿਰਫ ਗੁਰੂ ਤੇਗ ਬਹਾਦਰ ਸਾਹਿਬ ਨੇ ਵਰਤਿਆ ਹੈ। ਗੁਰੂ ਤੇਗ ਬਹਾਦਰ ਨਾਲ ਸਬੰਧਿਤ ਗੁਰਦੁਆਰੇ: ਗੁਰੂ ਜੀ ਦੇ ਕੁਝ ਪ੍ਰਸਿੱਧ ਗੁਰਦੁਆਰੇ ਇਸ ਪ੍ਰਕਾਰ ਹਨ:1ਜਨਮ ਅਸਥਾਨ - 'ਗੁਰੂ ਕਾ ਮਹਲ' ਅੰਮ੍ਰਿਤਸਰ (ਸੰਨ 1621) 2.ਬਾਬਾ ਬਕਾਲਾ ਜ਼ਿਲਾ ਅੰਮ੍ਰਿਤਸਰ - ਪ੍ਰਗਟ ਹੋਏ (ਸੰਨ 1664) 3 ਥੜ੍ਹਾ ਸਾਹਿਬ ਅੰਮ੍ਰਿਤਸਰ - ਸ੍ਰੀ ਅਕਾਲ ਤਖ਼ਤ ਦੇ ਨਾਲ ਜਿੱਥੇ ਸੰਨ 1664 ਵਿੱਚ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਏ ਇਥੇ ਠਹਿਰੇ ਸਨ 4 ਦਮਦਮਾ ਸਾਹਿਬ (ਮਾਲ ਮੰਡੀ ਅੰਮ੍ਰਿਤਸਰ), ਵੱਲਾ ਪਿੰਡ ਜਾਣ ਸਮੇਂ ਏਥੇ ਕੁਝ ਸਮਾਂ ਠਹਿਰੇ 5 ਕੋਠਾ ਸਾਹਿਬ (ਪਿੰਡ ਵੱਲਾ, ਜ਼ਿਲ੍ਹਾ ਅੰਮ੍ਰਿਤਸਰ)। ਅੰਮ੍ਰਿਤਸਰ ਤੋਂ ਵਾਪਸੀ 'ਤੇ ਇਸ ਪਿੰਡ ਟਿਕੇ ਸਨ 6 ਘੁਕਵਾਲੀ ਜਿਸ ਨੂੰ ਅਜਕਲ ਗੁਰੂ ਕਾ ਬਾਗ ਕਿਹਾ ਜਾਂਦਾ ਹੈ 7 ਕਰਤਾਰਪੁਰ-ਕੀਰਤਪੁਰ ਨੂੰ ਜਾਂਦੇ ਹੋਇ ਏਥੇ ਠਹਿਰੇ 8 ਅਨੰਦਪੁਰ ਸਾਹਿਬ ਵਿੱਚ ਗੁਰਦੁਆਰੇ :- ਗੁਰਦੁਆਰਾ ਗੁਰੂ ਕੇ ਮਹਿਲ, ਗੁਰਦੁਆਰਾ ਭੋਰਾ ਸਾਹਿਬ, ਗੁਰਦੁਆਰਾ ਮੰਜੀ ਸਾਹਿਬ, ਗੁਰਦੁਆਰਾ ਦਮਦਮਾ ਸਾਹਿਬ, ਗੁਰਦੁਆਰਾ ਸੀਸ ਗੰਜ, ਗੁਰਦੁਆਰਾ ਅਕਾਲ ਬੁੰਗਾ 9. ਗੁਰਦੁਆਰਾ ਮਾਈ ਥਾਨ (ਆਗਰਾ) 10 ਗੁਰਦੁਆਰਾ ਵੱਡੀ ਸੰਗਤ (ਸਸਰਾਮ ਬੰਗਾਲ)11 ਗੁਰਦੁਆਰਾ ਬੜੀ ਸੰਗਤਿ (ਕਟੜਾ ਰੇਸ਼ਮ, ਬਨਾਰਸ) 12 ਕਰ੍ਹਾ ਜ਼ਿਲ੍ਹਾ ਉਤਰਪ੍ਰਦੇਸ਼ 13 ਗੁਰਦੁਆਰਾ ਸੀਸ ਗੰਜ ਦਿੱਲੀ 14 ਰਕਾਬ ਗੰਜ ਦਿੱਲੀ।

**ਗੁਰੂ ਤੇਗ ਬਹਾਦਰ ਸਾਹਿਬ ਤੇ ਭਾਰਤ ਤੋਂ ਇਲਾਵਾ ਪਾਕਿਸਤਾਨ ਤੇ ਹੋਰਨਾਂ ਮੁਲਕਾਂ ਵਿਚਲੇ ਗੁਰੂਧਾਮਾਂ ਜਾਣਕਾਰੀ ਲੈਣ ਲਈ ਵੇਖੋ : ਗੁਰਦੁਆਰਾ ਕੋਸ਼, ਸੰਪਾਦਕ ਡਾ. ਜਸਬੀਰ ਸਿੰਘ ਸਰਨਾ, ਦਿਲਜੀਤ ਸਿੰਘ ਬੇਦੀ, ਪ੍ਰਕਾਸ਼ਕ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ, 2016**

ਆਵਾਜ਼ਿ ਕੌਮ AWAZE QAUM
International Newspaper & WEB TV


ਤੇਗ ਬਹਾਦੁਰ ਸਿਮਰੀਐ ਘਰਿ ਨੌ ਨਿਧ ਆਵੈ ਧਾਇ ।। ਸਭ ਥਾਈ ਹੋਇ ਸਹਾਇ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।



ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੂਹ ਸੰਗਤਾਂ ਨੂੰ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ

ਦੇ ਪ੍ਰਕਾਸ਼ ਪੁਰਬ ਦੀਆਂ

ਲੱਖ-ਲੱਖ ਵਧਾਈਆਂ



ਸ: ਗੁਰਜੰਟ ਸਿੰਘ ਖਾਲਸਾ (ਆਵਾਜ਼ਿ ਕੌਮ ਟੀਵੀ ਇੰਗਲੈਂਡ)

ਆਵਾਜ਼ਿ ਕੌਮ AWAZE QAUM
International Newspaper & WEB TV



ਸ: ਬਿਕਰਮਜੀਤ ਸਿੰਘ ਖਾਲਸਾ ਉਮੀਦਵਾਰ ਸ਼੍ਰੋਮਣੀ ਅਕਾਲੀ ਦਲ ਲੋਕ ਸਭਾ ਹਲਕਾ ਸ੍ਰੀ ਫਤਿਹਗੜ੍ਹ ਸਾਹਿਬ

# ਇੱਕ ਨਜ਼ਰ



## ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਵਿਚ ਹਫਤਾਵਾਰੀ ਸਮਾਗਮ

### ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ

ਤਰਨਤਾਰਨ, 28 ਅਪ੍ਰੈਲ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ )- ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਪਰਿਵਾਰ ਵੱਲੋਂ ਜੂਨ 1984 ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਸ਼ਹੀਦੀ ਪ੍ਰਾਪਤ ਕਰਨ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿਚ ਹਫਤਾਵਾਰੀ ਸਮਾਗਮ ਕੀਤਾ ਗਿਆ।ਸੰਗਤਾਂ ਵੱਲੋਂ ਰਲ ਮਿਲ ਕੇ ਸ੍ਰੀ ਜਪੁਜੀ ਸਾਹਿਬ,ਸ੍ਰੀ ਸੁਖਮਨੀ ਸਾਹਿਬ ਅਤੇ ਚੌਪਈ ਸਾਹਿਬ ਜੀ ਦੇ ਪਾਠ ਕੀਤੇ ਗਏ।ਖੰਡੇ ਧਾਰ ਗਤਕਾ ਅਖਾੜਾ ਦੇ ਮੁੱਖ ਸੇਵਾਦਾਰ ਬਾਬਾ ਗੁਰਸੇਵਕ ਸਿੰਘ ਜੀ ਚੂਸਲੇਵੜ ਦੇ ਜਥੇ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਵਾਰ ਸ਼ਰਦਾਈ ਅਤੇ ਗੁਰੂ ਕੇ ਲੰਗਰ ਦੀ ਸੇਵਾ ਬਾਬਾ ਗੁਰਸੇਵਕ ਸਿੰਘ ਜੀ ਚੂਸਲੇਵੜ ਦੇ ਪਰਿਵਾਰ ਵੱਲੋਂ ਕੀਤੀ ਗਈ।ਆਈਆਂ ਸੰਗਤਾਂ ਵਾਸਤੇ ਸ਼ਰਦਾਈ ਦੇ ਲੰਗਰ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ।ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ।ਇਸ ਮੌਕੇ ਬਾਬਾ ਦਇਆ ਸ੍ਰ ਪਿਆਰਾ ਸਿੰਘ ਸ੍ਰ ਮਹਿੰਦਰਪਾਲ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ , ਸ੍ਰ ਜਸਵੰਤ ਸਿੰਘ ਜੀਯਤ ਸ੍ਰ ਸਤਨਾਮ ਸਿੰਘ ਸਪੁੱਤਰ ਜਥੇਦਾਰ ਅਰੂੜ ਸਿੰਘ ਵਾੜਾ ਸ਼ੇਰ ਸਿੰਘ , ਸ੍ਰ ਇੰਦਰਜੀਤ ਸਿੰਘ ਰੋਡੇ, ਸ਼ਹੀਦ ਭਾਈ ਸਰਵਣ ਸਿੰਘ ਜੀ ਦੀ ਧਰਮ ਸਪਤਨੀ ਬੀਬੀ ਗੁਰਵਿੰਦਰ ਕੌਰ, ਸ੍ਰ ਸੁਖਵਿੰਦਰ ਸਿੰਘ ਜੀ ਬਾਦੀਆਂ ਸਮੇਤ ਪਰਿਵਾਰ, ਸ੍ਰ ਜਸਵੰਤ ਸਿੰਘ ਕੋਠੀ , ਸ੍ਰ ਸੁਖਵਿੰਦਰ ਸਿੰਘ ਖੇਮਕਰਨ ,ਸ੍ਰ ਜਗਜੀਤ ਸਿੰਘ ,ਸ੍ਰ ਗੁਰਬਖਸ਼ ਸਿੰਘ, ਅਤੇ ਹੋਰ ਸੰਗਤਾਂ ਹਾਜਰ ਸਨ ।

## ਐਡਵੋਕੇਟ ਧਾਮੀ ਨੇ ਨੌਵੇਂ ਪਾਤਸ਼ਾਹ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤ ਨੂੰ ਦਿੱਤੀ ਵਧਾਈ

ਨਵੀਂ ਦਿੱਲੀ, 28 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ



ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤ ਨੂੰ ਵਧਾਈ ਦਿੱਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸਮੁੱਚਾ ਜੀਵਨ ਹੱਕ ਸੱਚ ਲਈ ਆਵਾਜ ਉਠਾਉਣ ਦੀ ਪ੍ਰੇਰਨਾ ਦਿੰਦਾ ਹੈ। ਗੁਰੂ ਸਾਹਿਬ ਨੇ ਧਰਮ ਦੀਆਂ ਕਦਰਾਂ ਕੀਮਤਾਂ ਨੂੰ ਦਬਾਉਣ ਵਾਲਿਆਂ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਧਰਮ ਦੀ ਰੱਖਿਆ ਲਈ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਸਮਾਜਿਕ ਬੁਰਾਈਆਂ ਵਿਰੁੱਧ ਅਵਾਜ਼ ਬੁਲੰਦ ਕਰਨ ਦਾ ਪ੍ਰਣ ਕਰਨ ਅਤੇ ਗੁਰੂ ਸਾਹਿਬ ਦੇ ਜੀਵਨ ਤੇ ਉਪਦੇਸ਼ਾਂ ਉੱਤੇ ਚੱਲ ਕੇ ਆਪਣਾ ਜੀਵਨ ਬਤੀਤ ਕਰਨ।

## ਕਾਹਨੂੰਵਾਨ ਵਿੱਚ ਰੋਡਵੇਜ਼ ਬੱਸਾਂ ਦੇ ਟਾਈਮ ਬਹਾਲ ਕੀਤੇ ਜਾਣ: ਸਰਪੰਚ ਅਫਤਾਬ

ਸ੍ਰੀ ਹਰਗੋਬਿੰਦਪੁਰ ਸਾਹਿਬ, 28 ਅਪ੍ਰੈਲ (ਕੁਲਜੀਤ ਸਿੰਘ ਖੋਖਰ)- ਪਿੰਡ ਕਾਹਨੂੰਵਾਨ ਦੇ ਸਰਪੰਚ ਠਾਕੁਰ ਆਫਤਾਬ ਅਤੇ ਬਲਾਕ ਸੰਮਤੀ ਮੈਂਬਰ ਸਤਨਾਮ ਸਿੰਘ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਕਾਨੂੰਵਾਨ ਵਿੱਚ ਸਰਕਾਰੀ ਬੱਸਾਂ ਦੇ ਪੁਰਾਣੇ ਟਾਈਮ ਬਹਾਲ ਕੀਤੇ ਜਾਣ ਪ੍ਰੈਸ ਨਾਲ ਗੱਲਬਾਤ ਕਰਦਿਆਂ ਸਰਪੰਚ ਠਾਕੁਰ ਆਫਤਾਬ ਅਤੇ ਬਲਾਕ ਸੰਮਤੀ ਮੈਂਬਰ ਸਰਦਾਰ ਸਤਨਾਮ ਸਿੰਘ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਸ੍ਰੀ ਹਰਗੋਬਿੰਦਪੁਰ ਸਾਹਿਬ। ਤੋਂ ਪੰਜਾਬ ਰੋਡਵੇਜ਼ ਦੀਆਂ ਬੱਸਾਂ ਕਾਹਨੂੰਵਾਨ ਬੱਸ ਸਟੈਂਡ ਤੋਂ ਹੋ ਕੇ ਗੁਰਦਾਸਪੁਰ ਜਾਂਦੀਆਂ ਸਨ ਪਰ ਹੁਣ ਰੋਡਵੇਜ਼ ਬੱਸਾਂ ਦੇ ਮੁਲਾਜ਼ਮ ਸ੍ਰੀ ਹਰਗੋਬਿੰਦਪੁਰ ਤੋਂ ਸਿੱਧੀ ਗੁਰਦਾਸਪੁਰ ਬੱਸ ਲੈ ਜਾਂਦੇ ਹਨ ਅਤੇ ਕਾਹਨੂੰਵਾਨ ਬੱਸ ਅੱਡੇ ਨੂੰ ਛੱਡ ਦਿੰਦੇ ਹਨ ਜਿਸ ਨਾਲ ਕਾਹਨੂੰਵਾਨ ਦੇ ਲੋਕਾਂ ਨੂੰ ਬਹੁਤ ਵੱਡੀ ਮੁਸ਼ਕਲ ਪੇਸ ਆ ਰਹੀ ਹੈ ਉਸ ਤੋਂ ਇਲਾਵਾ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਬੱਸਾਂ ਵਿੱਚ ਔਰਤਾਂ ਲਈ ਫ੍ਰੀ ਸਫਰ ਦੀ ਸਹੂਲਤ ਦਿੱਤੀ ਗਈ ਹੈ ਜੋ ਕੇ ਸ਼ਲਾਘਾਯੋਗ ਹੈ ਉਨ੍ਹਾਂ ਕਿਹਾ ਕਿ ਸਰਕਾਰੀ ਬੱਸਾਂ ਕਾਹਨੂੰਵਾਨ ਨਾ ਆਉਣ ਕਰਕੇ ਇਸ ਸਹੂਲਤ ਤੋਂ ਔਰਤਾਂ ਵਾਂਝੀਆਂ ਹਨ ਸਰਪੰਚ ਠਾਕੁਰ ਆਫਤਾਬ ਅਤੇ ਬਲਾਕ ਸੰਮਤੀ ਮੈਂਬਰ ਸਤਨਾਮ ਸਿੰਘ ਨੇ ਇਹ ਵੀ ਸ਼ੰਕਾ ਜਿਤਾਈ ਹੈ ਕਿ ਪੰਜਾਬ ਰੋਡਵੇਜ਼ ਦੇ ਮੁਲਾਜ਼ਮ ਪ੍ਰਾਈਵੇਟ ਬੱਸਾਂ ਨਾਲ ਮਿਲੀ ਭਗਤ ਕਾਰਨ ਕਾਹਨੂੰ ਵਾਨ ਦਾ ਟਾਈਮ ਨਹੀਂ ਚੁੱਕਦੇ ਉਹਨਾਂ ਪੰਜਾਬ ਸਰਕਾਰ ਅਤੇ ਪੰਜਾਬ ਰੋਡਵੇਜ਼ ਬਟਾਲਾ ਦੇ ਜੀਐਮ ਨੂੰ ਪੁਰਜੋਰ ਅਪੀਲ ਕੀਤੀ ਹੈ ਕਿ ਪੰਜਾਬ ਰੋਡਵੇਜ਼ ਦੀਆਂ ਬੱਸਾਂ ਦੇ ਪੁਰਾਣੇ ਟਾਈਮ ਕਾਹਨੂੰਵਾਨ ਵਿੱਚ ਚਾਲੂ ਕਰਵਾਏ ਜਾਣ।



### ਸਾਬਕਾ ਕੈਬਨਿਟ ਮੰਤਰੀ ਕੈਪਟਨ ਬਲਬੀਰ ਸਿੰਘ ਬਾਠ ਨੇ

## ਡਾ. ਦਲਜੀਤ ਸਿੰਘ ਚੀਮਾ ਦੇ ਹਕ 'ਚ ਚੋਣ ਮੀਟਿੰਗ ਕਰਕੇ ਵੋਟਰਾਂ ਨੂੰ ਲਾਮਬੰਦ ਕੀਤਾ

ਕਿਹਾ ਕਿ ਪੰਜਾਬ ਅੰਦਰ ਜ਼ੋ ਨਸ਼ਿਆਂ ਦਾ ਛੇਵਾਂ ਦਰਿਆ ਵਹਿ ਰਿਹਾ ਹੈ ਤੇ ਪੰਜਾਬ ਦੀ ਜਵਾਨੀ ਦਾ ਦਿਨੋਂ ਦਿਨ ਘਾਂਣ ਹੋਈ ਜਾ ਰਿਹਾ ਹੈ ਉਹਨਾਂ ਕਿਹਾ ਕਿ ਸੂਬੇ ਵਿੱਚ ਜ਼ੋ ਆਮ ਆਦਮੀ ਪਾਰਟੀ ਦੀ ਸਰਕਾਰ ਹੈ ....



ਸ੍ਰੀ ਹਰਗੋਬਿੰਦਪੁਰ ਸਾਹਿਬ, 28 ਅਪ੍ਰੈਲ (ਕੁਲਜੀਤ ਸਿੰਘ ਖੋਖਰ)-ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਡਾਕਟਰ ਦਲਜੀਤ ਸਿੰਘ ਚੀਮਾ ਨੂੰ ਵੱਡੀ ਲੀਡ ਨਾਲ ਜਿਤਾਇਆ ਜਾਵੇਗਾ ਅਤੇ ਪਾਰਲੀਮੈਂਟ ਵਿੱਚ ਭੇਜਿਆ ਜਾਵੇਗਾ ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਕੈਬਨਿਟ ਮੰਤਰੀ ਕੈਪਟਨ ਬਲਬੀਰ ਸਿੰਘ ਬਾਠ ਨੇ ਆਪਣੇ ਸਮੂਹ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਨਾਲ ਚੋਣ ਮੀਟਿੰਗ ਕਰਕੇ ਕੀਤਾ ਉਹਨਾਂ ਚੋਣ ਮੀਟਿੰਗ ਆਏ ਆਪਣੇ ਵਰਕਰਾਂ ਨੂੰ ਪੁਰਜ਼ੋਰ। ਕਿਹਾ ਕਿ ਡਾਕਟਰ ਦਲਜੀਤ ਸਿੰਘ ਚੀਮਾ ਪੜੇ ਲਿਖੇ ਅਤੇ ਸੂਝਵਾਨ ਅਤੇ ਤਜਰਬੇਕਾਰ ਅਤੇ ਵੱਡੇ ਰੁਤਬੇ ਤੇ ਬਿਰਾਜਮਾਨ ਹਨ ਤੇ ਸੂਝਵਾਨ ਵਿਆਕਤੀਆਂ ਵਿਚੋਂ ਇਕ ਹਨ ਅਗੇ ਉਹਨਾਂ ਕਿਹਾ ਕਿ ਡਾਕਟਰ ਦਲਜੀਤ ਸਿੰਘ ਚੀਮਾ ਜ਼ਿਲਾ ਗੁਰਦਾਸਪੁਰ ਦੇ ਹੀ ਜੰਮਪਲ ਹਨ ਤੇ ਸਾਡਾ ਸਾਰਿਆਂ ਦਾ ਵੀ ਫਰਜ਼ ਬਣਦਾ ਹੈ ਕਿ ਡਾ ਚੀਮਾ ਨੂੰ ਵੱਡੀ ਲੀਡ ਨਾਲ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਿਆ ਜਾਵੇ ਉਨ੍ਹਾਂ ਕਿਹਾ ਕਿ ਡਾਕਟਰ ਚੀਮਾ ਜੀ ਪਾਰਲੀਮੈਂਟ ਵਿੱਚ ਜਾ ਕੇ ਸਾਡੇ ਹੱਕਾਂ ਦੀ ਅਤੇ ਜ਼ਿਲ੍ਹਾ ਗੁਰਦਾਸਪੁਰ ਦੇ ਨੋਜਵਾਨਾਂ ਦੇ ਭਵਿੱਖ ਨੂੰ ਚਮਕਾਉਣ ਲਈ ਜਤਨਸ਼ੀਲ ਰਹਿਣਗੇ ਅਗੇ ਕੈਂਪ ਬਲਬੀਰ ਸਿੰਘ ਬਾਠ ਨੇ ਕਿਹਾ ਕਿ ਕਾਂਗਰਸ ਸਰਕਾਰ ਨੇ ਉਨੀ ਸੌ ਚੁਰਾਸੀ (1984) ਵਿਚ ਜ਼ੋ ਦੰਗੇ ਕਰਵਾਏ ਸਨ ਉਹ ਅਜੇ ਤਕ ਨਹੀਂ ਭੁੱਲਦੇ ਅਗੇ ਉਹਨਾਂ ਕਿਹਾ ਕਿ ਪੰਜਾਬ ਅੰਦਰ ਜ਼ੋ ਨਸ਼ਿਆਂ ਦਾ ਛੇਵਾਂ ਦਰਿਆ ਵਹਿ ਰਿਹਾ ਹੈ ਤੇ ਪੰਜਾਬ ਦੀ ਜਵਾਨੀ ਦਾ ਦਿਨੋਂ ਦਿਨ ਘਾਂਣ ਹੋਈ ਜਾ ਰਿਹਾ ਹੈ ਉਹਨਾਂ ਕਿਹਾ ਕਿ ਸੂਬੇ ਵਿੱਚ ਜ਼ੋ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਉਹ ਨਸ਼ਿਆਂ ਤੇ ਕਾਬੂ ਨਹੀਂ ਪਾ ਸਕੀ ਤੇ ਹਰ ਵਿਅਕਤੀ ਨਸ਼ਿਆਂ ਦੀ ਦਲਦਲ ਵਿੱਚ ਫਸੀ ਜਾ ਰਿਹਾ ਹੈ ਉਹਨਾਂ ਕਿਹਾ ਕਿ ਜੇਕਰ ਗੱਲ ਕਰੀਏ ਚੋਰੀ ਦੀ ਤਾਂ ਪੰਜਾਬ ਵਿਚ ਚੋਰੀਆਂ ਡਕੈਤੀਆਂ ਲੁਟਾਂ ਖੋਹਾਂ ਅਤੇ ਕਤਲੇਆਮ ਹੋ ਰਿਹਾ ਹੈ ਤੇ ਕੋਈ ਵੀ ਵਿਅਕਤੀ ਇਸ ਸਰਕਾਰ ਵਿੱਚ ਸੇਫ ਨਹੀਂ ਹੈ ਤੇ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਿਹਾ ਹੈ ਇਸ ਮੌਕੇ ਉਨ੍ਹਾਂ ਨਾਲ ਸਾਬਕਾ ਚੇਅਰਮੈਨ ਕੁਲਵੰਤ ਸਿੰਘ ਚੀਮਾ ਸਾਬਕਾ ਚੇਅਰਮੈਨ ਤਰਲੋਕ ਸਿੰਘ ਬਾਠ ਜਥੇਦਾਰ ਹਰਬੰਸ ਸਿੰਘ ਸਿੱਧਵਾਂ ਲਖਵਿੰਦਰ ਸਿੰਘ ਘੁਮਾਣ ਪ੍ਰਧਾਨ ਐਸ ਸੀ ਵਿੰਗ ਸੁਖਦੇਵ ਸਿੰਘ ਦਕੋਹਾ ਕਿਸਾਨ ਆਗੂ ਕਰਨੈਲ ਸਿੰਘ ਸ਼ੇਰਪੁਰ ਗੁਰਨਾਮ ਸਿੰਘ ਜੱਸਲ ਮੈਂਬਰ ਸ਼੍ਰੋਮਣੀ ਕਮੇਟੀ ਮਨਜੀਤ ਸਿੰਘ ਹਰਧਾਨ ਦਰਸ਼ਨ ਸਿੰਘ ਔਲਖ ਸੋਨੂ ਅਔਲਖ ਦਰਸ਼ਨ ਸਿੰਘ ਬਹਾਦਰਹੁਸੈਨ ਹਰਭਜਨ ਸਿੰਘ ਧਰਮਿੰਦਰ ਸਿੰਘ ਪੰਜਗਰਾਈਂ ਡਾਕਟਰ ਜਗਬੀਰ ਸਿੰਘ ਧਰਮਸੋਤ ਸੀਨੀਅਰ ਅਕਾਲੀ ਆਗੂ ਗੁਰਦਾਸਪੁਰ ਅਤੇ ਬਾਜੀਗਰ ਬਰਾਦਰੀ ਦੇ ਲੋਕਾਂ ਦੀ ਅਵਾਜ਼ ਇਸ ਤੋਂ ਇਲਾਵਾ ਡ ਮਨਪ੍ਰੀਤ ਸਿੰਘ ਦਲਬੀਰ ਸਿੰਘ ਬਲ ਹਰਪੁਰਾ ਸੇਵਾ ਸਿੰਘ ਉਜ਼ਾਗਰ ਨਗਰ ਜਜ ਮਸਾਣੀਆਂ ਸੂਬੇ ਦਾਰ ਹਰਦੇਵ ਸਿੰਘ ਖੁਜਾਲਾ ਦਲਬੀਰ ਸਿੰਘ ਵੀਲਾ ਬੱਜੂ ਦਲਜੀਤ ਸਿੰਘ ਸਾਬਕਾ ਸਰਪੰਚ ਢਪਈ ਮਨਜੀਤ ਸਿੰਘ ਮੋਕਲ ਅ੍ਰਮਿਤਪਾਲ ਸਿੰਘ ਢਪਈ ਦਿਆ ਸਿੰਘ ਬੋਪਾਰਾਏ ਪ੍ਰਧਾਨ ਕੇਵਲ ਸਿੰਘ ਭੱਟੀ ਵਾਲ ਗੁਰਪਿਆਰ ਸਿੰਘ ਚਾਹਲ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਟੀਮ ਹਾਜ਼ਰ ਸਨ।

## ਸੀਨੀਅਰ ਅਕਾਲੀ ਆਗੂ ਬੀਬੀ ਸ਼ੇਰਾ ਅਕਾਲੀ ਦਲ ਪੀ.ਏ.ਸੀ ਕਮੇਟੀ ਦੀ ਮੈਂਬਰ ਨਿਯੁਕਤ



ਚੌਕ ਮਹਿਤਾ, 28 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ ) - ਇਸਤਰੀ ਅਕਾਲੀ ਦਲ ਬਾਦਲ ਦੀ ਸਾਬਕਾ ਜ਼ਿਲ੍ਹਾਂ ਪ੍ਰਧਾਨ ਬੀਬੀ ਰਣਜੀਤ ਕੌਰ ਸ਼ੇਰਾ ਨੂੰ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਅਤੇ ਕੰਮਾਂ ਨੂੰ ਦੇਖਦੇ ਹੋਏ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਅਕਾਲੀ ਦਲ ਦੀ ਹਾਈਕਮਾਂਡ ਵੱਲੋਂ ਸ਼੍ਰੋਮਣੀ ਅਕਾਲੀ ਦਲ ਪੀ.ਏ.ਸੀ ਕਮੇਟੀ ਦਾ ਮੈਂਬਰ ਨਿਯੁੱਕਤ ਕੀਤਾ ਹੈ।ਬੀਬੀ ਸ਼ੇਰਾ ਦੀ ਨਿਯੁੱਕਤੀ 'ਤੇ ਇਸਤਰੀ ਅਕਾਲੀ ਦਲ ਦੀਆਂ ਆਗੂਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਅੱਜ ਇਸਤਰੀ ਅਕਾਲੀ ਦਲ ਦੀਆਂ ਸੀਨੀਅਰ ਆਗੂਆਂ ਬੀਬੀ ਗੁਰਜੀਤ ਕੌਰ, ਜਸਬੀਰ ਕੌਰ, ਗੁਰਮੀਤ ਕੌਰ, ਬਬਲੀ ਕੌਰ, ਕੁਲਜੀਤ ਕੌਰ, ਨਰਿੰਦਰ ਕੌਰ ਆਦਿ ਨੇ ਬੀਬੀ ਰਣਜੀਤ ਕੌਰ ਸ਼ੇਰਾ ਨੂੰ ਵਧਾਈ ਦਿੱਤੀ ਅਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।ਇਸ ਮੌਕੇ ਬੀਬੀ ਸ਼ੇਰਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਕੈਬਿਨੇਟ ਮੰਤਰੀ ਬਿਕਰਮ ਸਿੰਘ ਮਜੀਠੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਹੜੀ ਸੇਵਾ ਉਨ੍ਹਾਂ ਨੂੰ ਸੌਂਪੀ ਗਈ ਹੈ ਉਹ ਉਸਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਅਕਾਲੀ ਦਲ ਦੀ ਚੜ੍ਹਦੀ ਕਲ੍ਹਾ ਲਈ ਰਾਤ ਦਿਨ ਇਕ ਕਰ ਦੇਣਗੇ।ਉਨ੍ਹਾਂ ਕਿਹਾ ਕਿ ਉਨ੍ਹਾ ਦਾ ਮੁੱਖ ਟੀਚਾ ਅਕਾਲੀ ਦਲ ਨੂੰ ਲੋਕ ਸਭਾ ਚੋਣਾਂ ਵਿੱਚ ਜਿੱਤ ਦਿਵਾਉਣਾ ਹੈ।ਇਸ ਮੌਕੇ ਅਕਾਲੀ ਦਲ ਦੇ ਸੀਨੀਅਰ ਆਗੂ ਸ਼ਮਸ਼ੇਰ ਸਿੰਘ ਸ਼ੇਰਾ, ਲਖਵਿੰਦਰ ਸਿੰਘ, ਹਰਭਜਨ ਸਿੰਘ, ਗੁਰਦੇਵ ਸਿੰਘ, ਮੰਨਾ ਸਿੰਘ, ਕਰਨੈਲ ਸਿੰਘ, ਨਰਿੰਦਰ ਸਿੰਘ, ਦਵਿੰਦਰ ਸਿੰਘ, ਬੂਟਾ ਸਿੰਘ, ਕੁਲਦੀਪ ਸਿੰਘ, ਜਸਬੀਰ ਸਿੰਘ, ਬਲਬੀਰ ਸਿੰਘ ਆਦਿ ਹਾਜ਼ਰ ਸਨ।

## ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਕੈਂਸਰ ਜਾਂਚ ਤੇ ਜਾਗਰੂਕਤਾ ਕੈਂਪ ਤੇ ਦੰਦਾਂ ਦਾ ਫਰੀ ਚੈਕਅਪ ਤੇ ਇਲਾਜ 3 ਮਈ ਨੂੰ: ਸੰਤ ਬਾਬਾ ਸੁੱਚਾ ਸਿੰਘ



ਫ਼ਿਰੋਜ਼ਪੁਰ,28 ਅਪ੍ਰੈਲ (ਮਨੋਹਰ ਲਾਲ):— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਵੱਖ—ਵੱਖ ਡਾਕਟਰਾਂ ਵੱਲੋਂ ਕੈਂਸਰ ਜਾਂਚ ਅਤੇ ਜਾਗਰੂਕਤਾ ਕੈਂਪ ਅਤੇ ਦੰਦਾਂ ਦਾ ਫਰੀ ਚੈਕਅਪ ਅਤੇ ਦੰਦਾਂ ਦਾ ਇਲਾਜ 3 ਮਈ ਦਿਨ ਸ਼ੁਕਰਵਾਰ ਨੂੰ ਕੀਤਾ ਜਾਵੇਗਾ।ਇਹ ਜਾਣਕਾਰੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸਤਿਕਾਰਯੋਗ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਜਿਵੇਂ ਕਿ ਕੈਂਸਰ ਦੀਆਂ ਬਿਮਾਰੀਆਂ ਜ਼ੋ ਕਿ ਬਹੁਤ ਹੀ ਭਿਆਨਕ ਬਿਮਾਰੀ ਹੈ, ਦੀ ਜਾਂਚ ਅਤੇ ਜਾਗਰੂਕਤਾ ਕੈਂਪ ਲਾਇਆ ਜਾਵੇਗਾ।ਬਾਬਾ ਜੀ ਨੇ ਅੱਗੇ ਦੱਸਿਆ ਕਿ ਸਾਨੂੰ ਡਾਕਟਰਾਂ ਨੇ ਦੱਸਿਆ ਕਿ ਅਸੀਂ ਇਸ ਮੌਕੇ ਤੇ ਕੈਂਸਰ ਅਤੇ ਅਵੇਅਰਨੈਸ ਲੀਫਲੈਟ ਅਤੇ ਲੈਕਚਰ ਅਤੇ ਸ਼ੂਗਰ ਅਤੇ ਬੀ.ਪੀ ਚੈਕਅਪ ਅਤੇ ਡਾਕਟਰੀ ਜਾਂਚ ਅਤੇ ਸਲਾਹ ਅਤੇ ਔਰਤਾਂ ਦੀ ਛਾਤੀ ਲਈ ਮੋਮੋਗ੍ਰਾਫੀ ਟੈਸਟ ਵੀ ਕੀਤੇ ਜਾਣਗੇ।ਇਸ ਤੋਂ ਇਲਾਵਾ ਔਰਤਾਂ ਦੀ ਬੱਚੇਦਾਨੀ ਲਈ ਪੈਪ—ਸਮੇਅਰ ਟੈਸਟ ਵੀ ਕੀਤੇ ਜਾਣਗੇ ਅਤੇ ਬੰਦਿਆਂ ਦੇ ਗਦੂਦਾਂ ਦੀ ਜਾਂਚ ਲਈ ਪੀ.ਐਸ.ਏ ਟੈਸਟ ਵੀ ਕੀਤੇ ਜਾਣਗੇ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਬਲੱਡ ਕੈਂਸਰ ਦੀ ਜਾਂਚ ਦੇ ਟੈਸਟ, ਮੂੰਹ ਅਤੇ ਗਲੇ ਦੀ ਜਾਂਚ ਦੇ ਟੈਸਟ ਅਤੇ ਹੱਡੀਆਂ ਦੀ ਜਾਂਚ ਲਈ ਟੈਸਟ ਤੋਂ ਇਲਾਵਾ ਮਰੀਜਾਂ ਨੂੰ ਦਵਾਈਆਂ ਦਿੱਤੀਆਂ ਜਾਣਗੀਆਂ ਅਤੇ ਕੈਂਸਰ ਮਰੀਜਾਂ ਨੂੰ ਸਹੀ ਸਲਾਹ ਦਿੱਤੀ ਜਾਵੇਗੀ। ਬਾਬਾ ਜੀ ਨੇ ਕਿਹਾ ਕਿ ਇਹ ਕੈਂਪ ਸੀ.ਐਸ.ਆਰ ਐਨਟੀਟੇਟਵੀ ਐਸ.ਬੀ.ਆਈ ਕਾਰਡ ਐਫ ਪੈਮਟ ਸਰਵਿਸ ਲਿਮਟਿਡ ਇਨ ਐਸੋਸੀਏਸ਼ਨ ਵਰਡ ਕੈਂਸਰ ਕੇਅਰ ਵੱਲੋਂ ਲਾਇਆ ਜਾਵੇਗਾ, ਜ਼ੋ ਕਿ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਲਾਇਆ ਜਾਵੇਗਾ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਦੰਦਾਂ ਦਾ ਫਰੀ ਚੈਕਅਪ ਕੈਂਪ ਵੀ ਸਵੇਰੇ 10 ਵਜੇ ਤੋਂ ਸ਼ਾਮ ਚਾਰ ਵਜੇ ਤੱਕ ਲਾਇਆ ਜਾਵੇਗਾ, ਜਿਸ ਵਿਚ ਦੰਦਾਂ ਦੀਆਂ ਬਿਮਾਰੀਆਂ ਦਾ ਇਲਾਜ ਕੀਤਾ ਜਾਵੇਗਾ।ਇਹ ਕੈਂਪ ਜੈਨਸਿਸ ਡੈਂਟਲ ਕਾਲਜ ਐਂਡ ਹੋਸਪਿਟਲ ਵੱਲੋਂ ਲਾਇਆ ਜਾਵੇਗਾ। ਬਾਬਾ ਜੀ ਨੇ ਇਲਾਕੇ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਜੇਕਰ ਦੰਦਾਂ ਦੀ ਬਿਮਾਰੀ ਜਾਂ ਕੈਂਸਰ ਬਿਮਾਰੀ ਦਾ ਸ਼ੰਕ ਹੋਣ ਤੇ ਆਪਣਾ ਇਲਾਜ ਕਰਵਾ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੱਕ ਨਜ਼ਰ



## ਹਲਕਾ ਉੱਤਰੀ ਤੋਂ ਵਿਧਾਇਕ ਕੁੰਵਰ ਵਿਜੇ ਦੀ ਅਗਵਾਈ ਹੇਠ ਧਾਲੀਵਾਲ ਨੂੰ ਭਾਰੀ ਲੀਡ ਮਿਲੇਗੀ: ਡਿੰਪੀ ਚੌਹਾਨ

ਚੌਕ ਮਹਿਤਾ, 28 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)– ਵਿਧਾਨ ਸਭਾ ਹਲਕਾ ਉੱਤਰੀ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੇ ਹੱਕ ਵਿੱਚ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੀ ਅਗਵਾਈ ਹੇਠ ਬਟਾਲਾ ਰੋਡ, ਜਗਦੰਬੇ ਕਲੋਨੀ, ਗੋਕਲ ਵਿਹਾਰ, ਦਸਮੇਸ਼ ਐਵੀਨਿਊ ਸਮੇਤ ਵੱਖ-ਵੱਖ ਵਾਰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ। ਜਿਸ ਵਿਚ ਕੁਲਦੀਪ ਸਿੰਘ ਧਾਲੀਵਾਲ ਹਰ ਮੀਟਿੰਗ ਵਿਚ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ, ਬਟਾਲਾ ਰੋਡ 'ਤੇ ਦਲਵਿੰਦਰ ਸਿੰਘ ਅਤੇ ਮਨੀ ਸਿੰਘ ਦੀ ਅਗਵਾਈ 'ਚ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿੰਪੀ ਚੌਹਾਨ ਨੇ ਕਿਹਾ ਕਿ ਹਲਕਾ ਉੱਤਰੀ ਤੋ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਵਲੋਂ ਕੀਤੇ ਜਾ ਰਹੇ ਕੰਮਾਂ ਨੂੰ ਦੇਖਦੇ ਹੋਏ ਕੁਲਦੀਪ ਸਿੰਘ ਧਾਰੀਵਾਲ ਹਲਕਾ ਉੱਤਰੀ ਤੋਂ ਵੱਡੀ ਲੀਡ ਨਾਲ ਜਿੱਤਣਗੇ! ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਦਿੱਤੀ ਜਾ ਰਹੀ ਮੁਫਤ ਬਿਜਲੀ ਦੀ ਸਹੂਲਤ ਤੋਂ ਲੋਕ ਕਾਫੀ ਖੁਸ਼ ਹਨ। ਮੀਟਿੰਗ ਵਿੱਚ ਕੁਲਦੀਪ ਧਾਲੀਵਾਲ ਨੇ ਕਿਹਾ ਕਿ ਜੇਕਰ ਤੁਸੀਂ ਮੈਨੂੰ ਚੁਣ ਕੇ ਸੰਸਦ ਵਿੱਚ ਭੇਜਦੇ ਹੋ ਤਾਂ ਮੈਂ ਅੰਮ੍ਰਿਤਸਰ ਵਿੱਚ ਵੱਡੇ ਪ੍ਰੋਜੈਕਟ ਲੈ ਕੇ ਆਵਾਂਗਾ। ਮੀਟਿੰਗ ਵਿੱਚ ਸਾਬਕਾ ਕੌਂਸਲਰ ਰਾਮਬਾਲੀ, ਲੱਖਾ ਸਿੰਘ, ਦਾਰਾ ਸਿੰਘ, ਸੰਜੇ ਸ਼ੁਕਲਾ, ਤਨੁਜ ਖੰਨਾ, ਮਨਦੀਪ ਆਹੂਜਾ, ਬਾਲਕਿਸ਼ਨ, ਭੁੱਲਰ ਸਾਹਬ, ਸੰਜੀਵ ਭਾਟੀਆ ਸ਼ਹੀਦ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ।

## ਕਿਸੇ ਵੀ ਸਿਆਸੀ ਪਾਰਟੀ ਨੇ ਹੁਣ ਤੱਕ ਬੇਅਦਬੀ ਕਾਂਡ ਦੇ ਦੋਸ਼ੀਆਂ ਵਿਰੁੱਧ ਠੋਸ ਕਾਰਵਾਈ ਨਹੀਂ ਕੀਤੀ: ਭਾਈ ਜ਼ਸਪਾਲ ਸਿੰਘ



ਫ਼ਿਰੋਜ਼ਪੁਰ, 28 ਅਪ੍ਰੈਲ (ਮਨੋਹਰ ਲਾਲ) : 2015 ਤੋਂ ਸੀ ਗੁਰੂ ਗ੍ਰੰਥ ਸਾਹਿਬ ਜੀ ਦੀ ਸ਼ੁਰੂ ਹੋਈ ਬੇਅਦਬੀ ਜਿਸ ਵਿਚ ਸਰੂਪ ਚੋਰੀ ਕਰਕੇ ਉਨ੍ਹਾਂ ਦੇ ਅੰਗ ਗਲੀਆਂ ਵਿਚ ਬੜੇ ਹੀ ਘਿਨਾਉਣੇ ਤਰੀਕੇ ਨਾਲ ਸੁੱਟ ਕੇ ਦੋਸ਼ੀਆਂ ਵੱਲੋਂ ਖੁੱਲੇ ਤੌਰ ਤੇ ਚੈਲੰਜ ਕਰਕੇ ਸਿੱਖ ਕੌਮ ਨੂੰ ਵੰਗਾਰਿਆ ਗਿਆ, ਪਰ ਕਈ ਵਾਰ ਸਰਕਾਰਾਂ ਬਦਲਣ ਉਪਰੰਤ ਵੀ ਕਿਸੇ ਪਾਰਟੀ ਨੇ ਇਸ ਘੌਰ ਬੇਅਦਬੀ ਕਰਨ ਵਾਲਿਆਂ ਖਿਲਾਫ ਠੋਸ ਕਾਰਵਾਈ ਨਹੀਂ ਕੀਤੀ, ਜ਼ੋ ਸਮੇਂ ਦੀਆਂ ਸਰਕਾਰਾਂ ਦੇ ਮੱਥੇ ਤੇ ਕਲੰਕ ਹੈ। ਇਨ੍ਹਾਂ ਰੋਹ ਭਰੇ ਸ਼ਬਦਾਂ ਦਾ ਪ੍ਰਗਟਾਵਾ ਸਿੱਖ ਪੰਥ ਦੇ ਹਰਿਆਵਲ ਦਸਤੇ ਵਜੋਂ ਜਾਣੀ ਜਾਂਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ ਨੇ ਅੱਜ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸ ਬਾਰੇ ਕਈ ਤਰ੍ਹਾਂ ਦੀਆਂ ਹੋਈਆਂ ਪੜਤਾਲਾਂ ਵਿਚ ਡੇਰਾ ਸਿਰਸਾ ਦੇ ਪੈਰੋਕਾਰਾਂ ਦੇ ਨਾਮ ਸਪੱਸ਼ਟ ਰੂਪ ਵਿਚ ਜੱਗ ਜ਼ਾਹਿਰ ਹੋਏ, ਪਰ ਸਰਕਾਰਾਂ ਦੋਸ਼ੀਆਂ ਨੂੰ ਬਚਾਉਂਦੀਆਂ ਹੋਈਆਂ ਹੀ ਨਜ਼ਰ ਆਈਆਂ, ਇਥੋਂ ਤੱਕ ਕਿ ਦੇਸ਼ ਦੇ ਕਾਨੂੰਨ ਨੇ ਵੀ ਇਸ ਨੂੰ ਮਮੂਲੀ ਜੁਰਮ ਸਮਝ ਕੇ ਦੋਸ਼ੀਆਂ ਵਿਚ ਕੋਈ ਠੋਸ ਕਾਰਵਾਈ ਨਾ ਕਰਕੇ ਸਿੱਖ ਕੌਮ ਦੇ ਰੋਸ ਵਿਚ ਹੋਰ ਵੀ ਵਾਧਾ ਕਰ ਦਿੱਤਾ। ਭਾਈ ਜ਼ਸਪਾਲ ਸਿੰਘ ਨੇ ਅੱਗੇ ਦੱਸਿਆ ਕਿ ਹਰੇਕ ਸਿਆਸੀ ਪਾਰਟੀ ਵੋਟਾਂ ਹਥਿਆਉਣ ਦੇ ਮੰਤਵ ਨਾਲ ਹੀ ਇਨ੍ਹਾਂ ਦੋਸ਼ੀਆਂ ਨੂੰ ਬਚਾਉਂਦੀ ਨਜ਼ਰ ਆਈ, ਪਰ ਇਤਿਹਾਸ ਗਵਾਹ ਹੈ ਕਿ ਜਿਸ ਸਿਆਸੀ ਪਾਰਟੀ ਨੇ ਵੀ ਡੇਰਾ ਸਿਰਸਾ ਦੀ ਹਮਾਇਤ ਲਈ ਉਹ ਪਾਰਟੀ ਬੁਰੀ ਤਰ੍ਹਾਂ ਹਾਰੀ ਹੈ। ਭਾਈ ਜ਼ਸਪਾਲ ਸਿੰਘ ਨੇ ਅੱਗੇ ਕਿਹਾ ਕਿ ਸਾਰੇ ਬੰਦੀ ਸਿੰਘਾਂ ਦੀ ਰਿਹਾਈ ਲਈ ਵੀ ਕਿਸੇ ਸਰਕਾਰ ਨੇ ਸੰਜੀਦਗੀ ਨਹੀਂ ਦਿਖਾਈ ਅਤੇ ਆਪਣੀ ਕੁਰਸੀ ਬਚਾਉਣ ਦੀ ਖਾਤਰ ਹੀ ਯਤਨ ਕਰਦੇ ਰਹੇ ਹਨ ਤਾਂ ਜ਼ੋ ਇਨ੍ਹਾਂ ਮਸਲਿਆਂ ਤੇ ਜ਼ੋਰਦਾਰ ਆਵਾਜ਼ ਬੁਲੰਦ ਕਰਨ ਤੇ ਕਿਤੇ ਸਾਡੀ ਕੁਰਸੀ ਨਾ ਖਤਰਾ ਪੈਦਾ ਹੋ ਜਾਵੇ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਸਾਰੇ ਵਰਗਾਂ ਦਾ ਬਰਾਬਰ ਸਨਮਾਨ ਰੱਖਣ ਵਾਲੀ ਸਰਕਾਰ ਹੀ ਬਨਾਉਣ। ਇਸ ਸਮੇਂ ਸੁਖਦੇਵ ਸਿੰਘ ਲਾਡਾ, ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ ਸਿੱਧੂ, ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ, ਗੁਰਦਰਸ਼ਨ ਸਿੰਘ ਬੱਬੀ, ਕੁਲਦੀਪ ਸਿੰਘ ਲੋਕੋ, ਮਨਜੀਤ ਸਿੰਘ, ਕੁਲਦੀਪ ਸਿੰਘ ਨੰਦਾ, ਰਣਜੀਤ ਸਿੰਘ ਬਬਲੂ, ਗੁਰਮੇਲ ਸਿੰਘ ਭੇਡੀਆ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

## ਡਾ.ਸੁਖਵਿੰਦਰ ਸਿੰਘ ਲੁਧਿਆਣਾ 'ਆਪ' ਡਾਕਟਰ ਵਿੰਗ ਦੇ ਸਟੇਟ ਜੁਆਇੰਟ ਸੈਕਟਰੀ ਨਿਯੁੱਕਤ



ਚੌਕ ਮਹਿਤਾ, 28 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ ) – ਆਮ ਆਦਮੀ ਪਾਰਟੀ ਲੁਧਿਆਣਾ ਦੇ ਸਭ ਤੋਂ ਪੁਰਾਣੇ ਆਗੂ ਡਾ.ਸੁਖਵਿੰਦਰ ਸਿੰਘ ਨੂੰ ਪਾਰਟੀ ਪ੍ਰਤੀ ਉਨ੍ਹਾ ਦੇ ਕੰਮਾਂ ਨੂੰ ਦੇਖਦੇ ਹੋਏ ਪਾਰਟੀ ਹਾਈਕਮਾਂਡ ਵੱਲੋਂ ਆਮ ਆਦਮੀ ਪਾਰਟੀ ਡਾਕਟਰ ਵਿੰਗ ਦਾ ਸਟੇਟ ਜੁਆਇੰਟ ਸੈਕਟਰੀ ਨਿਯੁੱਕਤ ਕੀਤਾ ਗਿਆ ਹੈ ਡਾ.ਸੁਖਵਿੰਦਰ ਸਿੰਘ ਨੇ ਡਾਕਟਰ ਵਿੰਗ ਦਾ ਸਟੇਟ ਜੁਆਇੰਟ ਸੈਕਟਰੀ ਨਿਯੁੱਕਤ ਹੋਣ 'ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ,ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਪਾਰਟੀ ਜਨਰਲ ਸਕੱਤਰ ਡਾ.ਸੰਦੀਪ ਪਾਠਕ,ਕਾਰਜਕਾਰੀ ਪੰਜਾਬ ਪ੍ਰਧਾਨ ਪ੍ਰਿੰਸੀਪਲ ਬੁਧਰਾਮ ਅਤੇ ਸਮੂਚੀ ਕੇਂਦਰੀ, ਪੰਜਾਬ ਅਤੇ ਲੁਧਿਆਣਾ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾ ਨੂੰ ਜਿਹੜੀ ਜ਼ਿੰਮੇਵਾਰੀ ਸੌਂਪੀ ਗਈ ਹੈ ਉਹ ਉਸਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੀ ਲੋਕ ਸਭਾ ਚੋਣਾਂ ਵਿੱਚ ਇਤਿਹਾਸਕ ਜਿੱਤ ਲਈ ਰਾਤ ਦਿਨ ਇਕ ਕਰ ਦੇਣਗੇ ਉਨ੍ਹਾਂ ਕਿਹਾ ਕਿ 'ਆਪ' ਡਾਕਟਰ ਵਿੰਗ ਦੀਆਂ ਯੂਨਿਟਾਂ ਨੂੰ ਹੇਠਲੇ ਪੱਧਰ ਤੇ ਉਹ ਮਜ਼ਬੂਤ ਕਰਨਗੇ ਡਾ.ਸੁਖਵਿੰਦਰ ਸਿੰਘ ਨੇ ਕਿਹਾ ਕਿ ਲੋਕ ਸਭਾ ਚੋਣਾਂ ਵਿੱਚ ਪਾਰਟੀ ਨੂੰ ਇਤਿਹਾਸਕ ਜਿੱਤ ਦਿਵਾਉਣਾ ਉਨ੍ਹਾ ਦਾ ਪ੍ਰਮੁੱਖ ਟੀਚਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲਾਲ ਕਿਲ੍ਹੇ 'ਤੇ

## ਦਿੱਲੀ ਫਤਿਹ ਦਿਵਸ ਨੂੰ ਸਮਰਪਿਤ ਮਹਾਨ ਇਤਿਹਾਸਕ ਸਮਾਗਮ ਕਰਵਾਇਆ



ਨਵੀਂ ਦਿੱਲੀ, 28 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ 1783 ਵਿਚ ਦਿੱਲੀ 'ਤੇ ਸਿੱਖ ਜਰਨੈਲਾਂ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਰਾਮਗੜ੍ਹੀਆ ਤੇ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ ਜਿੱਤ ਦਾ ਜਸ਼ਨ ਦਿੱਲੀ ਫਤਿਹ ਦਿਵਸ ਦੇ ਰੂਪ ਵਿਚ ਲਾਲ ਕਿਲ੍ਹੇ 'ਤੇ ਮਨਾਇਆ ਗਿਆ ਜਿਸ ਤਹਿਤ ਇਤਿਹਾਸਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ, ਭਾਜਪਾ ਦੇ ਕੌਮੀ ਸਕੱਤਰ ਮਨਜਿੰਦਰ ਸਿੰਘ ਸਿਰਸਾ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭੁਪਿੰਦਰ ਸਿੰਘ ਅਸੰਧ, ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਬਾਬਾ ਬਲਜੀਤ ਸਿੰਘ ਦਾਦੂਵਾਲ, ਸਿੰਘ ਸਾਹਿਬ ਪੰਥ ਰਤਨ ਬਾਬਾ ਬਲਬੀਰ ਸਿੰਘ ਮੁਖੀ ਪੰਥ ਅਕਾਲੀ ਦਲ ਬੁੱਢਾ ਦਲ 96 ਕਰੋੜੀ, ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ, ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਬਾਬਾ ਮੇਜਰ ਸਿੰਘ ਸੋਢੀ ਸ਼੍ਰੋਮਣੀ ਦਸ਼ਮੇਸ਼ ਤਰਣਾ ਦਲ, ਬਾਬਾ ਬਲਦੇਵ ਸਿੰਘ ਵੱਲਾਹ ਵਾਲੇ, ਰਿਕੀ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਸੁਰਿੰਦਰ ਸਿੰਘ ਤੇ ਬਾਬਾ ਸਤਨਾਮ ਸਿੰਘ, ਬਾਬਾ ਸੁਖਦੇਵ ਸਿੰਘ ਮੁੱਖ ਬੁਲਾਰੇ ਦਮਦਮੀ ਟਕਸਾਲ, ਬਾਬਾ ਗੁਰਪ੍ਰੀਤ ਸਿੰਘ ਖਡੂਰ ਸਾਹਿਬ ਵਾਲੇ, ਬਾਬਾ ਸੇਵਾ ਸਿੰਘ ਕਾਰ ਸੇਵਾ ਵਾਲੇ, ਬਾਬਾ ਲੱਖਾ ਸਿੰਘ ਨਾਨਕਸਰ ਵਾਲੇ, ਬਾਬਾ ਸੁਖਜੀਤ ਸਿੰਘ ਫਿਰੋਜ਼ਪੁਰ ਵਾਲੇ ਸਮੇਤ ਅਨੇਕਾਂ ਸੰਤਾਂ ਮਹਾਂਪੁਰਖਾਂ ਤੇ ਹੋਰ ਸ਼ਖਸੀਅਤਾਂ ਨੇ ਹਾਜ਼ਰੀਆਂ ਭਰੀਆਂ। ਸਮਾਗਮ ਵਿਚ ਰਾਗੀ ਸਿੰਘਾਂ ਦੇ ਵੱਖ-ਵੱਖ ਜੱਥਿਆਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਗੁਰੂ ਸਾਹਿਬਾਨ ਵੱਲੋਂ ਦਿੱਤੀਆਂ ਮਹਾਨ ਸ਼ਹਾਦਤਾਂ ਦੇ ਨਾਲ-ਨਾਲ ਵੱਡੀਆਂ-ਵੱਡੀਆਂ ਜੰਗਾਂ ਵਿਚ ਫਤਿਹ ਨਾਲ ਭਰਿਆ ਹੈ। ਉਹਨਾਂ ਕਿਹਾ ਕਿ 1783 ਵਿਚ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਰਾਮਗੜ੍ਹੀਆ ਤੇ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ ਅਗਵਾਈ ਹੇਠ ਦਿੱਲੀ ਵਿਚ ਸ਼ਾਹ ਆਲਮ ਦੂਜੇ ਨੂੰ ਮਾਤ ਦਿੱਤੀ ਗਈ ਤੇ ਦਿੱਲੀ ਵਿਚ ਗੁਰੂ ਸਾਹਿਬਾਨ ਦੇ ਸ਼ਹੀਦੀ ਤੇ ਹੋਰ ਅਸਥਾਨਾਂ ਦੀ ਨਿਸ਼ਾਨਦੇਹੀ ਕਰਵਾ ਕੇ ਉਹਨਾਂ ਦੀ ਕਾਰ ਸੇਵਾ ਕੀਤੀ ਗਈ। ਉਹਨਾਂ ਦੱਸਿਆ ਕਿ 10 ਮਹੀਨਿਆਂ ਤੱਕ ਇਹਨਾਂ ਜਰਨੈਲਾਂ ਦੀ ਅਗਵਾਈ ਹੇਠ ਫੌਜ ਦਿੱਲੀ ਵਿਚ ਰਹੀ ਜਿਸਦੀ ਬਦੌਲਤ ਅੱਜ ਦਿੱਲੀ ਵਿਚ ਸੰਗਤਾਂ ਗੁਰਦੁਆਰਾ ਸ਼ੀਸ਼ਗੰਜ ਸਾਹਿਬ, ਗੁਰਦੁਆਰਾ ਬੰਗਲਾ ਸਾਹਿਬ ਸਮੇਤ ਹੋਰ ਗੁਰਧਾਮਾਂ ਦੇ ਦਰਸ਼ਨ ਕਰਦੀ ਹੈ। ਉਹਨਾਂ ਕਿਹਾ ਕਿ ਇਹਨਾਂ ਸਮਾਗਮਾਂ ਵਾਸਤੇ ਅੱਜ ਦੇਸ਼ ਤੇ ਦੁਨੀਆਂ ਦੇ ਕੋਨੇ-ਕੋਨੇ ਤੋਂ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਹਾਜ਼ਰੀਆਂ ਭਰ ਰਹੀਆਂ ਹਨ। ਉਹਨਾ ਕਿਹਾ ਕਿ ਜਿਸ ਸਿੱਖ ਦੇ ਘਰ ਵਿਚ ਸਿੱਖ ਇਤਿਹਾਸ ਦੀ ਜਾਣਕਾਰੀ ਬੱਚਿਆਂ ਨੂੰ ਦਿੱਤੀ ਜਾਵੇ, ਉਸ ਵਿਚ ਨਾ ਤਾਂ ਕਦੇ ਨਸ਼ੇ ਆਉਂਦੇ ਹਨ ਤੇ ਨਾ ਹੀ ਕਦੇ ਬੱਚੇ ਪਤਿਤ ਹੁੰਦੇ ਹਨ। ਇਸ ਲਈ ਇਹ ਜ਼ਰੂਰੀ ਹੈ ਕਿ ਆਪਣੇ ਬੱਚਿਆਂ ਨੂੰ ਆਪਣੇ ਅਮੀਰ ਤੇ ਵਿਲੱਖਣ ਇਤਿਹਾਸ ਅਤੇ ਆਪਣੀ ਗੁਰਬਾਣੀ ਨਾਲ ਜੋੜ ਕੇ ਰੱਖਿਆ ਜਾਵੇ। ਸਮਾਗਮ ਨੂੰ ਸੰਬੋਧਨ ਕਰਦਿਆਂ ਭਾਜਪਾ ਦੇ ਕੌਮੀ ਸਕੱਤਰ ਤੇ ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਅੱਜ ਕਿਹਾ ਕਿ ਤਿੰਨਾਂ ਮਹਾਨ ਜਰਨੈਲਾਂ ਵੱਲੋਂ ਜੋ ਸਿੱਖ ਕੌਮ ਗੁਰਧਾਮਾਂ ਦੇ ਰੂਪ ਵਿਚ ਦਿੱਤਾ ਗਿਆ, ਉਹ ਬਹੁਤ ਵੱਡੀ ਸੇਵਾ ਸੀ। ਉਹਨਾਂ ਕਿਹਾ ਕਿ ਦਿੱਲੀ ਵਿਚ ਅੱਜ ਵੀ ਮੋਰੀ ਗੇਟ, ਤੀਸ ਹਜ਼ਾਰੀ ਅਦਾਲਤ ਤੇ ਮਿਠਾਈ ਪੁੱਲ ਇਹਨਾਂ ਜਰਨੈਲਾਂ ਦੀ ਯਾਦਗਾਰ ਹਨ ਕਿਉਂਕਿ 30 ਹਜ਼ਾਰ ਫੌਜ ਇਥੇ 10 ਮਹੀਨੇ ਤੱਕ ਰੁਕੀ, ਮੋਰੀ ਗੇਟ ਉਹ ਥਾਂ ਹੈ ਜਿਥੋਂ ਮੋਰੀ ਕਰ ਕੇ ਸਿੱਖ ਫੌਜਾਂ ਲਾਲ ਕਿਲ੍ਹੇ ਵਿਚ ਦਾਖਲ ਹੋਈਆਂ ਅਤੇ ਸ਼ਾਹ ਆਲਮ ਦੂਜੇ ਨੂੰ ਮੌਤ ਦਿੱਤੀ ਤੇ ਮਿਠਾਈ ਪੁੱਲ 'ਤੇ 10 ਮਹੀਨੇ ਤੱਕ ਲੰਗਰ ਬਣਿਆ ਤੇ ਜਿੱਤ ਦੇ ਜਸ਼ਨ ਮਨਾਏ ਗਏ। ਇਸ ਸਮਾਗਮ ਵਿਚ ਕੋਨੇ ਤੋਂ ਇਲਾਵਾ ਦਿੱਲੀ ਗੁਰਦੁਆਰਾ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੇਨ ਜਸਪ੍ਰੀਤ ਸਿੰਘ ਕਰਮਸਰ, ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਕੇ ਪੀ, ਜੂਨੀਅਰ ਮੀਤ ਪ੍ਰਧਾਨ ਆਤਮਾ ਸਿੰਘ ਲੁਬਾਣਾ, ਸਕੱਤਰ ਜਸਮੇਨ ਸਿੰਘ ਨੋਨੀ ਸਮੇਤ ਸਾਰੇ ਮੈਂਬਰਾਂ ਅਤੇ ਹੋਰ ਸੰਗਤਾਂ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਲੁਆਈ।

## ਸਰਦਾਰ ਮਨੋਹਰ ਸਿੰਘ ਅਸ਼ੋਕ ਵਿਹਾਰ ਗੁਰਦਵਾਰਾ ਦੇ ਚੁਣੇ ਗਏ ਪ੍ਰਧਾਨ



ਨਵੀਂ ਦਿੱਲੀ 28 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਸ. ਹਰਵਿੰਦਰ ਸਿੰਘ ਸਰਨਾ, ਸ. ਕਰਤਾਰ ਸਿੰਘ ਵਿੱਕੀ ਚਾਵਲਾ ਤੇ ਸ. ਰਵਿੰਦਰ ਸਿੰਘ ਖੁਰਾਣਾ ਨੇ ਸ. ਮਨਹੋਰ ਸਿੰਘ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਸ਼ੋਕ ਵਿਹਾਰ ਫੇਜ 2 ਦਾ ਪ੍ਰਧਾਨ ਚੁਣੇ ਜਾਣ ਤੇ ਵਧਾਈ ਦਿੰਦਿਆਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਸੇਵਾ ਕਾਰਜਾਂ 'ਚ ਮੋਹਰੀ ਰੋਲ ਨਿਭਾਉਂਦੇ ਆ ਰਹੇ ਸ. ਮਨੋਹਰ ਸਿੰਘ ਨੂੰ ਅਸ਼ੋਕ ਵਿਹਾਰ ਦੀ ਸੰਗਤ ਨੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਸ਼ੋਕ ਵਿਹਾਰ ਫੇਜ 2 ਦੇ ਪ੍ਰਧਾਨ ਦੀ ਸੇਵਾ ਸੌਂਪੀ ਹੈ । ਉਹ ਉਹਨਾਂ ਦੇ ਸੇਵਾ ਕਾਰਜਾਂ ਨੂੰ ਸੰਗਤ ਦੀ ਮਾਨਤਾ ਹੈ ਕਿ ਉਹਨਾਂ ਨੂੰ ਏਨੀ ਅਹਿਮ ਜਿੰਮੇਵਾਰੀ ਦੇ ਕੇ ਨਿਵਾਜਿਆ ਗਿਆ ਹੈ । ਇਸ ਨਵੀਂ ਜਿੰਮੇਵਾਰੀ ਲਈ ਜਿੱਥੇ ਸ. ਮਨੋਹਰ ਸਿੰਘ ਨੂੰ ਵਧਾਈ ਹੈ । ਉੱਥੇ ਹੀ ਗੁਰੂ ਸਾਹਿਬ ਅੱਗੇ ਅਰਦਾਸ ਹੈ ਕਿ ਇਹਨਾਂ ਨੂੰ ਉੱਦਮ ਨਾਲ ਸੇਵਾ ਕਰਨ ਤੇ ਸੁਚੱਜੇ ਢੰਗ ਨਾਲ ਸਾਰਾ ਪ੍ਰਬੰਧ ਚਲਾਉਣ ਦਾ ਬਲ ਬਖਸ਼ਣ ਤਾਂ ਜੋ ਸਾਰਿਆਂ ਨੂੰ ਨਾਲ ਲੈਕੇ ਇਹ ਗੁਰਮਿਤ ਅਨੁਸਾਰ ਸਾਰਾ ਪ੍ਰਬੰਧ ਚਲਾ ਸਕਣ । ਜਿਕਰਯੋਗ ਹੈ ਕਿ ਸਰਦਾਰ ਮਨੋਹਰ ਸਿੰਘ ਨੇ ਗੁਰੂਘਰ ਅੰਦਰ ਹੋਈ ਪ੍ਰਧਾਨ ਦੀ ਚੋਣ ਲਈ ਕੀਤੀ ਗਈ ਵੋਟਿੰਗ ਵਿਚ ਭਾਰੀ ਗਿਣਤੀ ਨਾਲ ਵਿਰੋਧੀ ਉਮੀਦੁਆਰ ਨੂੰ ਹਰਾਇਆ ਸੀ ।

## ਸੀਨੀਅਰ ਸਿਟੀਜਨ ਕੌਂਸਲ ਦੀ ਮਾਸਿਕ ਮੀਟਿੰਗ ਵਿਚ ਅਪ੍ਰੈਲ ਮਹੀਨੇ ਦੇ ਮੈਂਬਰਾਂ ਦੇ ਜਨਮ ਦਿਨ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਏ




ਫ਼ਿਰੋਜ਼ਪੁਰ, 28 ਅਪ੍ਰੈਲ (ਮਨੋਹਰ ਲਾਲ) : ਸੀਨੀਅਰ ਸਿਟੀਜਨ ਕੌਂਸਲ ਦੀ ਮਹੀਨਾਵਾਰ ਮੀਟਿੰਗ ਹੋਈ, ਜਿਸ ਵਿਚ ਉਨ੍ਹਾਂ ਸੀਨੀਅਰ ਸਿਟੀਜਨ ਕੌਂਸਲ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਦੇ ਜਨਮ ਦਿਨ ਬੜੀ ਸ਼ਰਧਾ ਭਾਵਨਾ ਨਾਲ ਮਨਾਏ ਗਏ। ਇਸ ਮੌਕੇ ਚੀਫ ਗੈਸਟ ਅਨੁਭਵ ਗੁਪਤਾ ਐਮ ਟੇਕ ਇਟਿਸ ਪ੍ਰਣਾਲੀ ਅਤੇ ਗੈਸਟ ਔਫ ਔਨਰ ਪ੍ਰੀਤੀ ਦੁੱਗਲ ਐਮ.ਡੀ ਪਿਸੀਚੈਟਰੀ ਡੀ.ਐਮ.ਸੀ ਲੁਧਿਆਣਾ ਹਾਜ਼ਰ ਹੋਏ। ਇਸ ਮੌਕੇ ਤੇ ਪ੍ਰੀਤੀ ਦੁਗਲ ਨੇ ਆਪਣੇ ਭਾਸ਼ਣ ਵਿਚ ਕਿਹਾ ਕਿ ਭਾਵੇਂ ਇਸ ਉਮਰ ਵਿਚ ਬਜ਼ੁ.ਰਗਾਂ ਦੀ ਯਾਦ—ਦਸਤ ਖਤਮ ਹੋ ਜਾਂਦੀ ਹੈ, ਸਾਨੂੰ ਇਸ ਬਾਰੇ ਟਾਈਮ ਸਿਰ ਖਾਣ, ਪੀਣ ਦੀ ਜ਼ਰੂਰਤ ਹੈ ਅਤੇ ਸਾਨੂੰ ਵੱਧ ਤੋਂ ਵੱਧ ਪਾਣੀ ਪੀਣਾ ਚਾਹੀਦਾ ਹੈ ਅਤੇ ਹਮੇਸ਼ਾ ਸੈਰ ਕਰਨੀ ਚਾਹੀਦੀ ਹੈ ਤਾਂ ਜ਼ੋ ਸਾਡਾ ਸਰੀਰ ਮਜੇ ਤੇ ਪਿਆ—ਪਿਆ ਨਾ ਜੁੜੇ ਅਤੇ ਹਮੇਸ਼ਾ ਖੁਸ਼ ਰਹਿਣ ਦੀ ਕੋਸ਼ਿਸ਼ ਕਰੋ ਅਤੇ ਘੱਟੋ—ਘੱਟ 3 ਮਹੀਨਿਆਂ ਬਾਅਦ ਆਪਣੇ ਸਾਰੇ ਟੈਸਟ ਜ਼ਰੂਰ ਕਰਵਾਉ। ਇਸ ਮੌਕੇ ਤੇ ਅਸ਼ੋਕ ਕੱਕੜ ਨੇ ਧਾਰਮਿਕ ਭਜਨ ਗਾ ਕੇ ਸ਼ੁਰੂਆਤ ਕੀਤੀ ਅਤੇ ਇਸ ਤੋਂ ਬਾਅਦ ਵਾਰੀ ਵਾਰੀ ਅਸ਼ੋਕ ਸ਼ਰਮਾ, ਪ੍ਰਿੰਸ ਸ਼ਰਮਾ, ਪ੍ਰੇਮ ਨਾਥ, ਸੁਦੇਸ਼ ਵਰਮਾ, ਉਮ ਪ੍ਰਕਾਸ਼, ਗੁਰਦਿਆਲ ਵਿਰਕ ਨੇ ਹੀਰ ਰਾਂਝਾ ਗੀਤ ਗਾਇਆ ਤੋਂ ਬਾਅਦ ਦਵਿੰਦਰ ਵੋਹਰਾ, ਅਵਤਾਰ ਸਿੰਘ, ਸਸ਼ੀ ਚੁੱਘ, ਹਰੀ ਚੰਦ ਚੋਪੜਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮੈਂਬਰਾਂ ਨੇ ਗੀਤ ਸੰਗੀਤ ਅਤੇ ਧਾਰਮਿਕ ਭਜਨ ਗਾ ਕੇ ਖੂਬ ਮਨੋਰੰਜਨ ਕੀਤਾ। ਇਸ ਮੌਕੇ ਤੇ ਪ੍ਰਿੰਸ ਸ਼ਰਮਾ ਨੇ ਗੀਤ ਗਾਇਆ, ਜਿਸ ਤੇ ਸਾਰੇ ਹੀ ਨੱਚਣ ਲਈ ਮਜ਼ਬੂਰ ਹੋ ਗਏ। ਇਸ ਮੌਕੇ ਤੇ ਪੰਜ ਲੱਕੀ ਡਰਾਅ ਵੀ ਕੱਢੇ ਗਏ। ਇਸ ਮੌਕੇ ਤੇ ਅਪ੍ਰੈਲ ਮਹੀਨੇ ਦੇ ਮੈਂਬਰਾਂ ਜਿਨ੍ਹਾਂ ਦਾ ਜਨਮ ਦਿਨ ਮਨਾਇਆ ਗਿਆ, ਜਿਨ੍ਹਾਂ ਵਿਚ ਨੌਨਿਹਾਲ ਸਿੰਘ, ਕਮਲੇਸ਼ ਵੋਹਰਾ, ਚਰਨਜੀਤ ਸਿੰਘ ਬੇਦੀ, ਬਲਕਾਰ ਸਿੰਘ, ਮੁਕੇਸ਼ ਕੁਮਾਰ ਲੂਥਰਾ, ਉਮ ਪ੍ਰਕਾਸ਼ ਬਜ਼ਾਜ, ਕੁਲਦੀਪ ਰਾਏ, ਸੁਦੇਸ਼ ਚੰਦਰ ਵਰਮਾ, ਵਿਪਰ ਬੰਧੂ, ਅਵਿਨਾਸ਼ ਸ਼ਰਮਾ, ਵਿਜੈ ਕੁਮਾਰ ਬਹਿਲ, ਬਲਬੀਰ ਸਿੰਘ ਸੰਧੂ, ਪੁਸ਼ਿਪੰਦਰ ਸਿੰਘ, ਜਗਦੀਸ਼ ਪ੍ਰਸ਼ਦ, ਸ਼ਾਮ ਸੁੰਦਰ, ਸੁਭਾਸ਼ ਚੰਦਰ ਨਰੂਲਾ, ਵਿਨੋਦ ਕੁਮਾਰ, ਵੀਨਾ ਮੋਂਗਾ, ਕਾਂਤਾ ਰਾਣੀ, ਪਰਦੀਪ ਰਾਣਾ, ਪ੍ਰੇਮ ਕੁਮਾਰ ਅਗਰਵਾਲ, ਵਿਜੈ ਕੁਮਾਰ, ਦਵਿੰਦਰ ਕੌਰ, ਲਛਮਣ ਦਾਸ ਕੰਬੋਜ਼, ਗੁਰਦਿਆਲ ਸਿੰਘ ਵਿਰਕ, ਅਸ਼ੋਕ ਕੁਮਾਰ ਚੋਪੜਾ, ਨਰੇਸ਼ ਕੁਮਾਰ ਨਰੂਲਾ, ਪਰਸ਼ੋਤਮ ਲਾਲ ਮਹਿਤਾ, ਸੀਮਤੀ ਦਰਸ਼ਨ ਕੁਮਾਰੀ, ਪ੍ਰੇਮ ਨਾਥ, ਵਿਨੋਦ ਕੁਮਾਰ ਹਾਂਡਾ, ਗੁਰਚਰਨ ਸਿੰਘ, ਪਰਸ਼ੋਤਮ ਲਾਲ ਸੇਠੀ, ਮਲਕੀਤ ਚੰਦ, ਨੰਦ ਕਿਸ਼ੋਰ ਬੇਰੀ, ਬ੍ਰਿਜ ਭੂਸ਼ਣ ਧਵਨ, ਮਧੂ ਸ਼ਰਮਾ, ਪੀ.ਡੀ ਸ਼ਰਮਾ ਆਦਿ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸੀਨੀਅਰ ਸਿਟੀਜਨ ਕੌਂਸਲ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਪੀ.ਡੀ ਸ਼ਰਮਾ ਐਲ.ਐਲ.ਬੀ ਨੇ ਫ਼ਿਰੋਜ਼ਪੁਰ ਸ਼ਹਿਰ ਵਿਚ ਸੀਵਰੇਜ਼ ਅਤੇ ਵਾਟਰ ਸਪਲਾਈ ਦੇ ਨਜਾਇਜ ਵਧਾਏ ਗਏ ਬਿੱਲਾਂ ਬਾਰੇ ਵਿਸ਼ੇਸ਼ ਮੁਹਿੰਮ ਛੇੜੀ ਹੈ, ਜਿਸ ਸਦਕਾ ਉਹ ਆਪਣੇ ਮੈਂਬਰਾਂ ਨੂੰ ਨਾਲ ਲੈ ਕੇ ਜਦੋਂ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਨੂੰ ਫ਼ਿਰੋਜ਼ਪੁਰ ਸ਼ਹਿਰ ਵਿਚ ਆਏ ਤਾਂ ਉਨ੍ਹਾਂ ਨੂੰ ਮੰਗ ਪੱਤਰ ਦਿੱਤਾ ਗਿਆ, ਜਿਨ੍ਹਾਂ ਨੇ ਸੀਨੀਅਰ ਸਿਟੀਜਨ ਕੌਂਸਲ ਨੂੰ ਵਿਸਵਾਸ਼ ਦਿਵਾਇਆ ਕਿ ਚੋਣ ਜ਼ਾਬਤੇ ਤੋਂ ਬਾਅਦ ਅਸੀਂ ਇਸ ਵੱਲ ਖਾਸ ਧਿਆਨ ਦੇਵਾਂਗੇ ਅਤੇ ਫ਼ਿਰੋਜ਼ਪੁਰ ਸ਼ਹਿਰ ਦੇ ਨਿਵਾਸੀਆਂ ਦੇ ਮਸਲੇ ਹੱਲ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡਾਂਗੇ। ਇਸ ਮੌਕੇ ਤੇ ਦਹੀ ਅਤੇ ਪਰੌਠੇ ਦਾ ਅਤੇ ਚਾਹ ਅਤੇ ਠੰਡੇ ਦਾ ਲੰਗਰ ਵਰਤਾਇਆ ਗਿਆ।